ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 22 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 25 ਮਈ ਤੋਂ ਸ਼ੁਰੂ ਹੋਵੇਗੀ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ

**ਰਿਸ਼ੀਕੇਸ਼, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹੇਮਕੁੰਟ ਸਾਹਿਬ ਯਾਤਰਾ ਇਸ ਸਾਲ 25 ਮਈ ਤੋਂ ਸ਼ੁਰੂ ਹੋਵੇਗੀ। ਇਸ ਦੇ ਲਈ ਯਾਤਰਾ ਮਾਰਗ ਤੋਂ ਬਰਫ ਹਟਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੇ ਲਈ ਅੱਜ ਭਾਰਤੀ ਫੌਜ ਦੇ ਜਵਾਨ ਰਵਾਨਾ ਹੋ ਗਏ ਹਨ। ਯਾਤਰਾ ਦੀ ਤਿਆਰੀ ਵਿੱਚ ਮੁੱਖ ਕੰਮ ਯਾਤਰਾ ਦੇ ਰਸਤੇ ਤੋਂ ਬਰਫ਼ ਹਟਾਉਣਾ ਹੈ। ਇਹ ਸੇਵਾ ਦਾ ਕੰਮ ਭਾਰਤੀ ਫੌਜ ਕਰਦੀ ਹੈ। ਗੁਰਦੁਆਰੇ ਨੂੰ ਜਾਂਦੀ ਸੜਕ ਤੋਂ ਬਰਫ਼ ਹਟਾਉਣ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ 25 ਮਈ ਨੂੰ ਹੇਮਕੁੰਟ ਸਾਹਿਬ ਦੀ ਯਾਤਰਾ ਸ਼ੁਰੂ ਹੋਵੇਗੀ। ਇਸ ਦੇ ਲਈ 35 ਫੌਜੀ ਜਵਾਨ ਗੁਰਦੁਆਰਾ ਕਮੇਟੀ ਦੇ ਨਾਲ ਰਵਾਨਾ ਹੋਏ ਹਨ। ਬ੍ਰਿਗੇਡ ਕਮਾਂਡਰ ਦੇ ਹੁਕਮਾਂ ਅਨੁਸਾਰ 418 ਸੁਤੰਤਰ ਇੰਜੀਨੀਅਰਿੰਗ ਕੋਰ ਦੇ ਓ.ਸੀ. ਕਰਨਲ ਸੁਨੀਲ ਯਾਦਵ ਨੇ ਹਰਸੇਵਕ ਸਿੰਘ ਅਤੇ ਪ੍ਰਮੋਦ ਕੁਮਾਰ ਦੀ ਅਗਵਾਈ ਹੇਠ ਫੌਜ ਦੇ ਜਵਾਨਾਂ ਨੂੰ ਬਰਫ ਹਟਾਉਣ ਦੀ ਸੇਵਾ ਲਈ ਭੇਜਿਆ ਹੈ। ਅੱਜ ਸਵੇਰੇ ਗੁਰਦੁਆਰਾ ਗੋਵਿੰਦ ਘਾਟ ਵਿਖੇ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਅਰਦਾਸ ਕਰਨ ਉਪਰੰਤ ਗੁਰਦੁਆਰਾ ਟਰੱਸਟ ਦੇ ਮੁੱਖ ਪ੍ਰਬੰਧਕ ਸੇਵਾ ਸਿੰਘ ਵੱਲੋਂ ਪਹਿਲੀ ਟੁਕੜੀ ਅਤੇ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਨੂੰ ਰਵਾਨਾ ਕੀਤਾ ਗਿਆ। ਸ੍ਰੀ ਹੇਮਕੁੰਟ ਸਾਹਿਬ ਬਰਫੀਲੇ ਪਹਾੜਾਂ ਦੇ ਵਿਚਕਾਰ ਸਥਿਤ ਹੈ। ਇਸ ਸਮੇਂ ਹੇਮਕੁੰਟ ਸਾਹਿਬ ਵਿੱਚ ਬਰਫ਼ ਪਈ ਹੈ। ਸ਼ਰਧਾਲੂਆਂ ਦਾ ਜਥਾ 25 ਮਈ ਦੀ ਸਵੇਰ ਨੂੰ ਤੀਰਥ ਅਸਥਾਨ 'ਤੇ ਪਹੁੰਚ ਜਾਵੇਗਾ ਅਤੇ ਉਸ ਤੋਂ ਬਾਅਦ ਸ੍ਰੀ ਹੇਮਕੁੰਟ ਸਾਹਿਬ ਦੇ ਦਰਵਾਜ਼ੇ ਖੁੱਲ੍ਹਣਗੇ। ਵੋਟਾਂ ਦੀ ਗਿਣਤੀ ਦੇ ਮੱਦੇਨਜ਼ਰ ਇਹ ਕੰਮ ਇੱਕ ਹਫ਼ਤਾ ਲਟਕ ਗਿਆ। ਯਾਤਰਾ ਤੋਂ ਪਹਿਲਾਂ ਰਸਤਾ ਤਿਆਰ ਕੀਤਾ ਜਾਵੇਗਾ।

# ਭਾਜਪਾ ਸਰਕਾਰ ਮੇਰੇ ਪਤੀ ਨੂੰ ਇੰਸੁਲਿਨ ਨਾ ਦੇ ਕੇ ਜੇਲ੍ਹ 'ਚ ਮਾਰਨਾ ਚਾਹੁੰਦੀ ਹੈ : ਸੁਨੀਤਾ ਕੇਜਰੀਵਾਲ

**ਰਾਂਚੀ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜੇਲ੍ਹ 'ਚ ਬੰਦ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਤਨੀ ਸੁਨੀਤਾ ਕੇਜਰੀਵਾਲ ਨੇ ਐਤਵਾਰ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਉਨ੍ਹਾਂ ਦੇ ਪਤੀ ਨੂੰ ਇੰਸੁਲਿਨ ਦੇਣ ਤੋਂ ਇਨਕਾਰ ਕਰਨ ਅਤੇ ਮਾਰਨ ਦਾ ਦੋਸ਼ ਲਗਾਇਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਵਿਰੋਧੀ ਦਲ ਭਾਰਤੀ ਜਨਤਾ ਪਾਰਟੀ ਦੀ 'ਤਾਨਾਸ਼ਾਹੀ' ਖ਼ਿਲਾਫ਼ ਲੜੇਗਾ ਅਤੇ ਜਿੱਤੇਗਾ। ਰਾਂਚੀ 'ਚ ਨਿਆਂ ਰੈਲੀ ਦੌਰਾਨ ਸੁਨੀਤਾ ਨੇ ਕਿਹਾ,"ਉਹ ਮੇਰੇ ਪਤੀ ਅਰਵਿੰਦ ਕੇਜਰੀਵਾਲ ਨੂੰ ਮਾਰਨਾ ਚਾਹੁੰਦੇ ਹਨ। ਉਨ੍ਹਾਂ ਦਾ ਖਾਣਾ ਕੈਮਰੇ ਦੀ ਨਿਗਰਾਨੀ 'ਚ ਹੈ, ਉਨ੍ਹਾਂ ਨੂੰ ਇੰਸੁਲਿਨ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਮੇਰੇ ਪਤੀ ਸ਼ੂਗਰ ਦੇ ਮਰੀਜ਼ ਹਨ,





ਜੋ 12 ਸਾਲਾਂ ਤੋਂ ਇੰਸੁਲਿਨ ਲੈ ਰਹੇ ਹਨ। ਉਨ੍ਹਾਂ ਨੂੰ ਰੋਜ਼ਾਨਾ 50 ਯੂਨਿਟ ਇੰਸੁਲਿਨ ਦੀ ਲੋੜ ਹੁੰਦੀ ਹੈ।" ਉਨ੍ਹਾਂ ਕਿਹਾ,"ਅਸੀਂ ਤਾਨਾਸ਼ਾਹੀ ਖ਼ਿਲਾਫ਼ ਲੜਾਂਗੇ ਅਤੇ ਜਿੱਤਾਂਗੇ। ਜੇਲ੍ਹ ਦੇ ਦਰਵਾਜ਼ੇ ਟੁੱਟਣਗੇ ਅਤੇ ਕੇਜਰੀਵਾਲ ਤੇ ਹੇਮੰਤ ਸੋਰੇਨ ਬਾਹਰ ਆਉਣਗੇ।" ਕੇਜਰੀਵਾਲ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ 21 ਮਾਰਚ ਨੂੰ ਦਿੱਲੀ ਦੀ ਹੁਣ ਖ਼ਤਮ ਹੋ ਚੁੱਕੀ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਸੀ। ਉਹ 23 ਅਪ੍ਰੈਲ ਤੱਕ ਈ.ਡੀ. ਦੀ ਹਿਰਾਸਤ 'ਚ ਹਨ। ਈ.ਡੀ. ਨੇ ਜ਼ਮੀਨ ਧੋਖਾਧੜੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ 31 ਜਨਵਰੀ ਦੀ ਰਾਤ ਸੋਰੇਨ ਨੂੰ ਵੀ ਗ੍ਰਿਫ਼ਤਾਰ ਕੀਤਾ ਸੀ।

## 5 ਸਾਲਾ ਨੰਨ੍ਹੇ ਸਿੱਖ ਬੱਚੇ ਨੇ ਮਾਊਂਟ ਐਵਰੈਸਟ ਬੇਸ ਕੈਂਪ ਕੀਤਾ ਫਤਿਹ

### ਪੰਜਾਬ ਦਾ ਸਭ ਤੋਂ ਘੱਟ ਉਮਰ ਦਾ ਬਣਿਆ ਪਰਬਤਾਰੋਹੀ

**ਰੂਪਨਗਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰੂਪਨਗਰ ਜ਼ਿਲ੍ਹਾ ਅਤੇ ਪੰਜਾਬ ਲਈ ਮਾਣ ਵਾਲੀ ਗੱਲ ਹੈ ਕਿ ਪਹਿਲੀ ਜਮਾਤ ਵਿਚ ਪੜ੍ਹਦੇ ਤੇਗਬੀਰ ਸਿੰਘ ਨੇ 5 ਸਾਲ ਦੀ ਛੋਟੀ ਉਮਰ ਵਿਚ ਮਾਊਂਟ ਐਵਰੈਸਟ ਬੇਸ ਕੈਂਪ ਨੂੰ ਸਰ ਕਰ ਲਿਆ ਹੈ। ਇਸ ਤਰ੍ਹਾਂ ਉਹ ਪੰਜਾਬ ਦਾ ਸਭ ਤੋਂ ਘੱਟ ਉਮਰ ਦਾ ਪਰਬਤਾਰੋਹੀ ਬਣ ਗਿਆ ਹੈ। ਉਸ ਨੇ 9 ਅਪ੍ਰੈਲ ਨੂੰ ਐਵਰੈਸਟ ਬੇਸ ਕੈਂਪ ਤਕ ਦਾ ਟ੍ਰੈਕ ਸ਼ੁਰੂ ਕੀਤਾ ਅਤੇ 17 ਅਪ੍ਰੈਲ, 2024 ਨੂੰ ਇਸ ਤਕ ਪਹੁੰਚਣ ਲਈ ਪੂਰਾ ਪੈਂਡਾ ਪੈਦਲ ਚੱਲਿਆ। ਐਵਰੈਸਟ ਬੇਸ ਕੈਂਪ 5364 ਮੀਟਰ ਦੀ ਉਚਾਈ 'ਤੇ ਸਥਿਤ ਘੱਟ ਆਕਸੀਜਨ ਵਾਲਾ ਟ੍ਰੈਕ ਹੈ, ਜਿੱਥੇ ਅਪ੍ਰੈਲ 'ਚ ਆਮ ਤਾਪਮਾਨ ਮਨਫੀ 12 ਡਿਗਰੀ ਸੈਲਸੀਅਸ ਹੁੰਦਾ ਹੈ। ਤੇਗਬੀਰ ਨੇ ਇਸ ਦੀ ਤਿਆਰੀ ਲਗਭਗ ਡੇਢ ਸਾਲ ਪਹਿਲਾਂ ਸ਼ੁਰੂ ਕੀਤੀ ਸੀ।



## ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਵਿਸ਼ੇਸ਼ ਅੰਕ ਭਲਕੇ ਮੰਗਲਵਾਰ 23 ਅਪ੍ਰੈਲ ਨੂੰ

ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ, ਜੋ ਕਿ ਬੀਤੀ 15 ਅਪ੍ਰੈਲ ਨੂੰ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਆਵਾਜ਼ਿ ਕੌਮ ਯੂ. ਕੇ. ਵੱਲੋਂ ਵਿਸ਼ੇਸ਼ ਅੰਕ ਮੰਗਲਵਾਰ 23 ਅਪ੍ਰੈਲ ਨੂੰ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰਕਾਸ਼ਿਤ ਹਿਤ ਸਮੱਗਰੀ ਤੇ ਸ਼ੋਕ ਸੰਦੇਸ਼ 22 ਅਪ੍ਰੈਲ ਤੱਕ ਭੇਜੇ ਜਾ ਸਕਦੇ ਹਨ।

ਰਘਵੀਰ ਸਿੰਘ ਵਾਲਸਾਲ
-ਮੁੱਖ ਸੰਪਾਦਕ

ਆਵਾਜ਼ਿ ਕੌਮ
AWAZE QAUM
International Newspaper & WEB TV



## ਅਰਵਿੰਦ ਖੰਨਾ ਦਾ ਬਰਨਾਲਾ 'ਚ ਜ਼ਬਰਦਸਤ ਵਿਰੋਧ, ਬੈਕੀਕੇਡ ਲਾ ਰੋਕਣੇ ਪਏ ਕਿਸਾਨ, ਲੀਡਰ ਨੇ ਕਿਹਾ- ਪ੍ਰਦਰਸ਼ਨ ਕਰਨ ਵਾਲੇ ਕਿਸਾਨ ਨਹੀਂ ਸਗੋਂ...





**ਬਰਨਾਲਾ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਦੇ ਪੰਜਾਬ ਵਿੱਚ ਜ਼ਿਆਦਾਤਰ ਥਾਵਾਂ ਉੱਤੇ ਕਿਸਾਨਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਵਿੱਚ ਜ਼ਿਆਦਾਕਰ ਲੋਕ ਸਭਾ ਚੋਣਾਂ ਦੇ ਉਮੀਦਵਾਰ ਹਨ ਪਰ ਇਸ ਮੌਕੇ ਕਿਸਾਨਾਂ ਨੇ ਬਰਨਾਲਾ ਵਿੱਚ ਭਾਜਪਾ ਦੇ ਸੰਗਰੂਰ ਤੋਂ ਸੰਭਾਵੀ ਉਮੀਦਵਾਰ ਅਰਵਿੰਦ ਖੰਨਾ ਦਾ ਜ਼ਬਰਦਸਤ ਵਿਰੋਧ ਕੀਤਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲਿਸ ਬਲ ਵੀ ਤੈਨਾਤ ਕੀਤਾ ਗਿਆ ਹੈ। ਦਰਅਸਲ, ਬਰਨਾਲਾ ਦੀ ਅਗਰਵਾਲ ਧਰਮਸ਼ਾਲਾ ਵਿੱਚ ਅਰਵਿੰਦ ਖੰਨਾ ਚੋਣ ਪ੍ਰਚਾਰ ਲਈ ਆਏ ਸਨ ਜਿਸ ਦਾ ਪਤਾ ਲੱਗਦਿਆਂ ਹੀ ਕਿਸਾਨ ਜਥੇਬੰਦੀਆਂ ਨੇ ਇਸ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਇਸ ਮੌਕੇ ਹਲਾਤ ਨੂੰ ਕਾਬੂ ਕਰਨ ਲਈ ਵੱਡੀ ਗਿਣਤੀ ਵਿੱਚ ਪੁਲਿਸ ਬਲ ਵੀ ਤੈਨਾਤ ਕੀਤਾ ਗਿਆ। ਇਸ ਦੌਰਾਨ ਕਿਸਾਨਾਂ ਵੱਲੋਂ ਭਾਜਪਾ ਦੇ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਅਰਵਿੰਦ ਖੰਨਾ ਨੇ ਕਿਹਾ ਕਿ ਜੋ ਲੋਕ ਪ੍ਰਦਰਸ਼ਨ ਕਰ ਰਹੇ ਹਨ, ਉਹ ਕਿਸਾਨ ਨਹੀਂ ਸਗੋਂ ਆਮ ਆਦਮੀ ਪਾਰਟੀ ਤੇ ਮੁੱਖ ਮੰਤਰੀ ਭਗਵਤ ਸਿੰਘ ਮਾਨ ਦੇ ਲੋਕ ਹਨ ਜੋ ਜਾਣ ਬੁੱਝ ਕੇ ਮਾਹੌਲ ਖਰਾਬ ਕਰ ਰਹੇ ਹਨ। ਜ਼ਿਕਰ ਕਰ ਦਈਏ ਕਿ ਜਿਸ ਵੇਲੇ ਕਿਸਾਨ ਵਿਰੋਧ ਪ੍ਰਦਰਸ਼ਨ ਵਾਲੀ ਜਗ੍ਹਾ ਵੱਲ ਜਾਣ ਦੀ ਤਿਆਰੀ ਕਰ ਰਹੇ ਸਨ ਤਾਂ ਬਰਨਾਲਾ ਦੇ ਜੌੜਾ ਪੰਪ ਨੇੜੇ ਪੁਲਿਸ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਰੋਕ ਲਿਆ। ਇਸ ਮੌਕੇ ਕਿਸਾਨ ਆਗੂਆਂ ਨੇ ਭਾਰਤੀ ਜਨਤਾ ਪਾਰਟੀ ਦੇ ਖਿਲਾਫ ਰੋਸ ਪ੍ਰਗਟ ਕੀਤਾ ਤੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਨੂੰ ਪਿੰਡਾਂ ਵਿੱਚ ਨਹੀਂ ਵੜਨ ਦਿੱਤਾ ਜਾਵੇਗਾ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਮਨਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਸੋ ਇਹ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੰਥੀ ਦੇ ਪਾਠੀ, ਗਿਆਨੀ, ਰਾਗੀ, ਗਤਕਾ ਸਿਖਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।


ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੰਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD
FULLY A.C. HALL
Khehra VAISHNO DHABA
BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI

# ਭਾਜਪਾ ਨੂੰ ਮਿਲ ਰਹੇ ਸਮਰਥਨ ਦਾ ਮੁੱਲ ਅੰਮ੍ਰਿਤਸਰ ਦੀ ਨੁਹਾਰ ਬਦਲ ਕੇ ਚੁਕਾਵਾਂਗਾ- ਤਰਨਜੀਤ ਸਿੰਘ ਸੰਧੂ ਸਮੁੰਦਰੀ

**☛ ਸੰਧੂ ਨੇ ਅਠਾਸੀ ਫੁੱਟ ਰੋਡ ਵਿਖੇ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਪਾਰਟੀ ਦੀਆਂ ਭਵਿੱਖੀ ਯੋਜਨਾਵਾਂ ਬਾਰੇ ਗੱਲ ਕੀਤੀ ☛ ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਲੋਕਾਂ ਨੇ ਦਿੱਤਾ ਭਰੋਸਾ**






ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਉੱਤਰੀ ਦੇ ਅਠਾਸੀ ਫੁੱਟ ਰੋਡ ਵਿਖੇ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਪਾਰਟੀ ਦੀਆਂ ਭਵਿੱਖੀ ਯੋਜਨਾਵਾਂ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੀ ਜਨਤਾ ਬਦਲਾਅ ਲਈ ਤਤਪਰ ਹੈ ਅਤੇ ਹਰ ਪੱਖ ਤੋਂ ਭਾਜਪਾ ਨੂੰ ਪੂਰਨ ਸਹਿਯੋਗ ਅਤੇ ਸਮਰਥਨ ਦਿੱਤਾ ਜਾ ਰਿਹਾ ਹੈ। ਜਿਸ ਦਾ ਉਹ ਅੰਮ੍ਰਿਤਸਰ ਦੀ ਨੁਹਾਰ ਬਦਲ ਕੇ ਮੁੱਲ ਚੁਕਾਵਾਂਗਾ। ਜੱਜ ਪ੍ਰਧਾਨ ਵੱਲੋਂ ਆਯੋਜਿਤ ਰੈਲੀ ਜਿਸ ਵਿਚ ਭਾਰੀ ਗਿਣਤੀ 'ਚ ਔਰਤਾਂ ਨੇ ਵੀ ਹਿੱਸਾ ਲਿਆ 'ਚ ਹਲਕਾ ਉੱਤਰੀ ਦੇ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਸਿਵਲ ਲਾਈਨ ਮੰਡਲ ਦੇ ਪ੍ਰਧਾਨ ਕਿਸ਼ੋਰ ਰਾਣਾ, ਸੁਧੀਰ ਜੀ, ਸ਼ਕਤੀ ਅਤੇ ਅਰਜਨ ਨੇ ਵੀ ਸੰਬੋਧਨ ਕੀਤਾ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੋਦੀ ਸਰਕਾਰ ਦੀ ਪ੍ਰਾਥਮਿਕਤਾ ਪੰਜਾਬ ਦੀ ਧਰਤੀ, ਪੰਜਾਬ ਦੀ ਜਵਾਨੀ ਨੂੰ ਹਰ ਹੀਲੇ ਨਸ਼ੇ ਤੋਂ ਮੁਕਤ ਕਰਾਉਣਾ ਹੈ। ਅਸੀਂ ਨਸਲਾਂ ਵੀ ਬਚਾਉਣੀਆਂ ਹਨ ਅਤੇ ਫ਼ਸਲਾਂ ਵੀ। ਉਨ੍ਹਾਂ ਕਿਹਾ ਕਿ ਨਸ਼ਾਖੋਰੀ ਪੰਜਾਬ ਦੀ ਜਵਾਨੀ ਨੂੰ ਨਿਗਲ ਦੀ ਜਾ ਰਹੀ ਹੈ ਪਰ ਇਸ ਦਾ ਹੱਲ ਕੱਢਣ ਦੀ ਥਾਂ ਪੰਜਾਬ ਸਰਕਾਰ ਦੇ ਟਾਲ ਮਟੋਲ ਤੇ ਚੁੱਪੀ ਨਸ਼ੇ ਦੇ ਸਮਗਲਰਾਂ ਅਤੇ ਸੌਦਾਗਰਾਂ ਲਈ ਸ਼ਿਹ ਬਣ ਗਈ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

ਨਸ਼ੇ ਦਾ ਹੱਲ ਨਾ ਕੱਢ ਕੇ ਹੁਣ ਤੱਕ ਸਰਕਾਰਾਂ ਨੇ ਜਨਤਾ ਨੂੰ ਗੁਮਰਾਹ ਕੀਤਾ ਹੈ। ਰਾਜ ਸਰਕਾਰ ਜਨਤਾ ਅਤੇ ਸੂਬੇ ਪ੍ਰਤੀ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਈ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਅੰਮ੍ਰਿਤਸਰ ਤੋਂ ਦੂਰ ਕੀਤਾ ਜਾਵੇਗਾ ਅਤੇ ਨਸ਼ੇ 'ਚ ਲੱਗੇ ਨੌਜਵਾਨਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਰਾਹੀਂ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਜੋ ਪੀੜੀ ਨੂੰ ਖ਼ਤਮ ਕਰਨ 'ਤੇ ਤੁਲੇ ਹੋਏ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ ਜਿਸ ਲਈ ਪ੍ਰਸ਼ਾਸਨ ਜ਼ਿੰਮੇਵਾਰੀ ਤੈਅ ਹੋਵੇਗੀ। ਭਾਜਪਾ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਵਸੀਲੇ ਜੁਟਾਏ ਜਾਣਗੇ ਅਤੇ ਗੁਰੂ ਨਗਰੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਅਣਗਿਣਤ ਨੌਕਰੀਆਂ ਮਿਲਣਗੀਆਂ। ਲੋਕਾਂ ਨੇ ਸੰਧੂ ਨੂੰ ਦੱਸਿਆ ਕਿ ਕਦੇ ਵੀ ਕਿਸੇ ਚੁਣੇ ਹੋਏ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇੱਥੇ ਸੜਕਾਂ, ਸੀਵਰੇਜ, ਪੀਣ ਵਾਲੇ ਸਾਫ਼ ਪਾਣੀ ਅਤੇ ਸਟਰੀਟ ਲਾਈਟਾਂ ਦਾ ਕੋਈ ਵਧੀਆ ਪ੍ਰਬੰਧ ਨਹੀਂ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਸੀਵਰੇਜ ਦੇ ਗੰਦੇ ਪਾਣੀ ਨਾਲ ਹੋਣ ਵਾਲੇ ਪ੍ਰਦੂਸ਼ਣ ਨੂੰ ਹੱਲ ਕਰਨਾ ਵੀ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਦੀ ਮਦਦ ਨਾਲ ਸਮੱਸਿਆਵਾਂ ਦਾ ਹੱਲ ਕਰਾਂਗਾ।

ਸਾਬਤ ਸੁਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

## ਗੁਰਗੱਦੀ ਦਿਵਸ ’ਤੇ ਵਿਸ਼ੇਸ਼

# ਦਇਆ ਦੀ ਮੂਰਤ ਗੁਰੂ ਤੇਗ ਬਹਾਦਰ ਸਾਹਿਬ ਜੀ

ਹਿੰਦ ਦੀ ਚਾਦਰ,ਦਇਆ ਦੀ ਮੂਰਤ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਰੇ ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ ਗੁਰੂ ਤੇਗ ਬਹਾਦਰ ਜੀ 5 ਵੈਸਾਖ (ਵੈਸਾਖ ਵਦੀ 5) ਸੰਮਤ 1678, 1 ਅਪ੍ਰੈਲ 1621 ਨੂੰ ਪਿਤਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਮਾਤਾ ਨਾਨਕੀ ਜੀ ਦੇ ਉੱਦਰ ਤੋਂ ਅੰਮ੍ਰਿਤਸਰ ‘ਗੁਰੂ ਕੇ ਮਹਿਲ’ ਵਿੱਚ ਪ੍ਰਗਟ ਹੋਏ। ਆਪ ਪੰਜ ਭਰਾ ਸਨ। ਵੱਡੇ ਭਰਾ ਬਾਬਾ ਗੁਰਦਿੱਤਾ ਜੀ, ਬਾਬਾ ਸੂਰਜ ਮੱਲ, ਬਾਬਾ ਅਣੀ ਰਾਇ ਤੇ ਬਾਬਾ ਅਟੱਲ ਰਾਇ ਜੀ। ਇੱਕ ਭੈਣ ਜਿੰਨ੍ਹਾਂ ਦਾ ਨਾਮ ਬੀਬੀ ਵੀਰੋ ਸੀ।ਆਪ ਸਭ ਤੋਂ ਛੋਟੇ ਸਨ।ਆਪ ਦਾ ਬਚਪਨ ਦਾ ਨਾਂ ‘ਤਿਆਗ ਮੱਲ’ ਸੀ।ਜਦ ਆਪ ਦਾ ਜਨਮ ਹੋਇਆ ਤਾਂ ਪਿਤਾ ਗੁਰੂ ਹਰਿਗੋਬਿੰਦ ਸਾਹਬ ਜੀ ਨੇ ਆਪ ਦੇ ਚਰਨਾਂ ਤੇ ਸੀਸ ਨਿਵਾਇਆ ਤੇ ਮੱਥਾ ਟੇਕਿਆ। ਭਾਈ ਬਿਧੀ ਚੰਦ ਦੇ ਪੁੱਛਣ ਤੇ ਆਪ ਨੇ ਦੱਸਿਆ ਕਿ ਇਹ ਬਾਲਕ ਸੱਚਾਈ ਦੇ ਰਾਹ ਤੇ ਜ਼ਬਰ ਜੁਲਮ ਨੂੰ ਮਿਟਾਉਣ ਲਈ ਆਖਰੀ ਸਵਾਸਾਂ ਤੱਕ ਲੜੇਗਾ।ਆਪ ਬਚਪਨ ਸਮੇਂ ਤੋਂ ਹੀ ਬੜੀ ਤੀਖਣ ਬੁੱਧੀ ਦੇ ਮਾਲਿਕ ਸਨ।

ਆਪ ਦਇਆ ਦੀ ਮੂਰਤ ਸਨ।ਇਤਿਹਾਸ ਵਿੱਚ ਆਉਂਦਾ ਹੈ ਕਿ ਆਪ ਦੇ ਵੱਡੇ ਭਰਾ ਬਾਬਾ ਗੁਰਦਿੱਤਾ ਜੀ ਦਾ ਵਿਆਹ ਸੀ। ਵਿਆਹ ਸਮੇਂ ਆਪ ਨੂੰ ਸੁੰਦਰ ਪੋਸ਼ਾਕੇ ਪਹਿਨਾਏ ਗਏ। ਸਾਰੀ ਬਰਾਤ ਜਾਣ ਲਈ ਬਾਹਰ ਦਰਵਾਜੇ ਵਿੱਚ ਖੜੀ ਸੀ। ਆਪ ਵੀ ਨਾਲ ਖੜੇ ਸਨ।ਉੱਥੇ ਆਪ ਨੇ ਇੱਕ ਨੰਗਾ ਭਿਖਾਰੀ ਬੱਚਾ ਵੇਖਿਆ ਤਾਂ ਆਪਣੇ ਤਨ ਦੇ ਸਾਰੇ ਕੱਪੜੇ ਉਤਾਰ ਕੇ ਉਸ ਭਿਖਾਰੀ ਨੂੰ ਪਹਿਨਾ ਦਿੱਤੇ। ਆਪ ਵਾਪਸ ਮਹਿਲਾਂ ਵਿੱਚ ਭੱਜ ਗਏ। ਮਾਤਾ ਜੀ ਦੇ ਪੁੱਛਣ ਤੇ ਆਪ ਨੇ ਦੱਸਿਆ ਕਿ ‘ਮਾਤਾ ਜੀ ਮੈਨੂੰ ਤਾਂ ਹੋਰ ਮਿਲ ਜਾਣਗੇ। ਉਸ ਨੂੰ ਕਿਸ ਨੇ ਦੇਣੇ ਹਨ।’ ਆਪ ਐਸੀ ਦਇਆ ਦੀ ਮੂਰਤ ਸਤਿਗੁਰੂ ਸਨ। ਆਪ ਨੂੰ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਤੋਂ ਸਿੱਖਿਆ ਪ੍ਰਾਪਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਆਪ ਨੇ ਪੰਜਾਬੀ, ਬ੍ਰਿਜ਼ ਭਾਸ਼ਾ, ਗਣਿਤ ਤੇ ਸੰਗੀਤ ਦੀ ਸਿੱਖਿਆ ਵਿੱਚ ਡੂੰਘਾ ਗਿਆਨ ਪ੍ਰਾਪਤ ਕੀਤਾ।ਆਪ ਨੂੰ ਘੋੜ ਸਵਾਰੀ ਤੇ ਸ਼ਸਤਰ ਚਲਾਉਣ ਵਿੱਚ ਨਿਪੁੰਨਤਾ ਹਾਸਿਲ ਸੀ।ਆਪ ਬਹੁਤ ਹੀ ਬਹਾਦਰ ਯੋਧੇ ਵੀ ਸਨ।ਕਰਤਾਰਪੁਰ ਦੀ ਲੜਾਈ ਵਿੱਚ ਆਪ ਨੇ ਆਪਣੀ ਬਹਾਦਰੀ ਦੇ ਜੌਹਰ ਵਿਖਾਏ ਤਾਂ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪ ਦਾ ਨਾਂ ‘ਤਿਆਗ ਮੱਲ’ ਤੋਂ ਬਦਲ ਕੇ ਤਲਵਾਰ ਚਲਾਉਣ ਵਿੱਚ ਦਲੇਰ ਅਤੇ ਨਿਪੁੰਨ, ਤਲਵਾਰ ਦਾ ਧਨੀ ‘ਤੇਗ ਬਹਾਦਰ’ ਰੱਖ ਦਿੱਤਾ।

ਆਪ ਦਾ ਵਿਆਹ ਕਰਤਾਰਪੁਰ ਨਿਵਾਸੀ ਲਾਲ ਚੰਦ ਜੀ ਦੀ ਪੁੱਤਰੀ ਗੁਜਰੀ ਜੀ ਨਾਲ 15 ਅੱਸੂ ਸੰਮਤ 1689, 1 ਅਕਤੂਬਰ 1632 ਈ: ਨੂੰ ਹੋਇਆ।22 ਦਸੰਬਰ 1666 ਈ: ਨੂੰ ਆਪ ਦੇ ਘਰ ਇੱਕ ਤੇਜਸਵੀ ਪੁੱਤਰ ਦਾ ਜਨਮ ਹੋਇਆ। ਜਿਸਦਾ ਨਾਂ ‘ਗੋਬਿੰਦ ਰਾਏ’ ਰੱਖਿਆ ਗਿਆ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੋਤੀ ਜੋਤ ਸਮਾਉਣ ਤੇ ਗੁਰਗੱਦੀ ਦੀ ਬਖਸ਼ਿਸ਼ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਨੂੰ 8 ਮਾਰਚ 1644 ਈ: (11 ਚੇਤ, 1701 ਬਿ:) ਨੂੰ ਹੋਈ। ਉਸ ਤੋਂ ਬਾਅਦ ਗੁਰਗੱਦੀ ਦੀ ਬਖਸ਼ਿਸ਼ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੂੰ ਅਕਤੂਬਰ 1661 ਈ: ਵਿੱਚ ਹੋਈ। ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਦਿੱਲੀ ਵਿੱਚ ਜੋਤੀ ਜੋਤ



ਸਮਾਉਣ ਤੋਂ ਬਾਅਦ, ਭਾਈ ਕਾਹਨ ਸਿੰਘ ਨਾਭਾ ਦੀ ਲਿੱਖਤ ‘ਮਹਾਨਕੋਸ਼’ ਦੇ ਪੰਨਾ. 600 ਦੇ ਅਨੁਸਾਰਆਪ ਚੇਤ ਸੁਦੀ 14 (24 ਚੇਤ) ਸੰਮਤ 1722 (20 ਮਾਰਚ ਸੰਨ 1665) ਵਿੱਚ ਗੁਰਗੱਦੀ ਤੇ ਬਿਰਾਜਮਾਨ ਹੋਏ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੋਤੀ ਜੋਤ ਸਮਾਉਣ ਤੋਂ ਲੈ ਕੇ ਗੁਰਗੱਦੀ ਮਿਲਣ ਤੱਕ ਲਗਭਗ 20 ਸਾਲ ਦਾ ਲੰਬਾ ਸਮਾਂ ਆਪ ਪ੍ਰਭੂ ਭਗਤੀ ਵਿੱਚ ਲੀਨ ਰਹੇ। ਗੁਰਗੱਦੀ ਤੇ ਬਿਰਾਜ਼ਮਾਨ ਹੋਣ ਤੋਂ ਬਾਅਦ ਜਲਦੀ ਹੀ ਆਪ ਨੇ ਸਿੱਖ ਧਰਮ ਦੇ ਪ੍ਰਚਾਰ ਹਿੱਤ ਦੌਰੇ ਆਰੰਭੇ। ਜਿਸ ਵਿੱਚ ਆਪ ਬਾਬਾ ਬਕਾਲਾ ਤੋਂ ਸ੍ਰੀ ਅੰਮ੍ਰਿਤਸਰ ਸਾਹਬ (ਰਾਮਰਾਇ ਵੱਲੋਂ ਗੁਰੂ ਤੇਗ ਬਹਾਦਰ ਨੂੰ ਵੇਖ ਕੇ ਹਰਿਮੰਦਰ ਸਾਹਿਬ ਦਾ ਮੁੱਖ ਦਰਵਾਜਾ ਬੰਦ ਕਰ ਲੈਣ ਤੇ ਆਪ ਅਕਾਲ ਤਖਤ ਸਾਹਬ ਦੇ ਲਾਗੇ ਇੱਕ ਥੜੇ ਉੱਪਰ ਬੈਠ ਗਏ। ਜਿੱਥੇ ਅੱਜ ਕੱਲ ਗੁ: ਥੜ੍ਹਾ ਸਾਹਿਬ ਸੁਸ਼ੋਭਿਤ ਹੈ)।

ਉੱਥੋਂ ਆਪ ਵੱਲਾ, ਘੁੱਕੇਵਾਲੀ, ਖਡੂਰ ਸਾਹਿਬ, ਗੋਇੰਦਵਾਲ, ਤਰਨਤਾਰਨ, ਖੇਮਕਰਨ, ਕੀਰਤਪੁਰ ਤੇ ਬਿਲਾਸਪੁਰ ਗਏ।ਪੰਜਾਬ ਦੀਆਂ ਯਾਤਰਾਵਾਂ ਤੋਂ ਬਾਅਦ ਆਪ ਨੇ ਪੂਰਬੀ ਭਾਰਤ ਦੀਆਂ ਯਾਤਰਾਵਾਂ ਕੀਤੀਆਂ।ਆਪ ਸੈਫਾਬਾਦ, ਧਮਧਾਨ, ਦਿੱਲੀ, ਮਥੁਰਾ, ਬ੍ਰਿੰਦਾਬਨ, ਆਗਰਾ, ਕਾਨਪੁਰ, ਪ੍ਰਯਾਗ, ਬਨਾਰਸ, ਸਸਰਾਮ, ਗਯਾ, ਪਟਨਾ, ਮੁਘੇਰ, ਢਾਕਾ ਤੇ ਅਸਾਮ ਸਿੱਖੀ ਦੇ ਪ੍ਰਚਾਰ ਹਿੱਤ ਗਏ। ਇੰਨ੍ਹਾਂ ਯਾਤਰਾਵਾਂ ਤਹਿਤ ਉਹਨਾਂ ਦੀ ਸਖਸ਼ੀਅਤ ਤੋਂ ਪ੍ਰਭਾਵਿਤ ਹੋ ਕੇ ਹਜ਼ਾਰਾਂ ਲੱਖਾਂ ਲੋਕ ਸਿੱਖ ਧਰਮ ਵਿੱਚ ਸ਼ਾਮਿਲ ਹੋ ਗਏ।

ਇੰਨ੍ਹੀਂ ਦਿਨੀਂ ਹੀ ਔਰੰਗਜ਼ੇਬ ਜਨਤਾ ਤੇ ਖੂਬ ਅੱਤਿਆਚਾਰ ਕਰ ਰਿਹਾ ਸੀ ਗੁਰੂ ਸਾਹਿਬ ਨੇ ਲੋਕਾਂ ਨੂੰ ਅੱਤਿਆਚਾਰਾਂ ਦਾ ਮੁਕਾਬਲਾ ਕਰਨ ਲਈ ਪ੍ਰੇਰਿਆ। ਇਹ ਔਰੰਗਜ਼ੇਬ ਲਈ ਨਾ-ਸਹਿਣਯੋਗ ਸੀ।ਉਧਰ ਰਾਮਰਾਇ (ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦਾ ਵੱਡਾ ਲੜਕਾ ਤੇ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਵੱਡਾ ਭਰਾ ਸੀ, ਜਿਸਨੇ ਬਾਣੀ ਦੀ ਤੁਕ ਬਦਲਣ ਦਾ ਹੌਂਸਲਾ ਕੀਤਾ ਸੀ ਤੇ ਗੁਰੂ ਹਰਿਰਾਏ ਸਾਹਬ ਵੱਲੋਂ ਦੁਰਕਾਰਿਆ ਗਿਆ ਸੀ ਤਾਂ ਹੀ ਇਸ ਨੂੰ ਛੱਡ ਕੇ ਗੁਰਗੱਦੀ

ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੂੰ ਮਿਲੀ ਸੀ) ਗੁਰਗੱਦੀ ਗੁਰੂ ਤੇਗ ਬਹਾਦਰ ਜੀ ਨੂੰ ਮਿਲਣ ਤੇ ਵੀ ਇਸ ਨੇ ਔਰੰਗਜ਼ੇਬ ਦੇ ਕੰਨ ਭਰਨੇਸ਼ੁਰੂ ਕਰ ਦਿੱਤੇ। ਉਧਰ 25 ਮਈ 1675 ਈ: ਨੂੰ ਕਸ਼ਮੀਰੀ ਪੰਡਿਤਾਂ ਦਾ ਇੱਕ ਵਫਦ ਪੰਡਿਤ ਕਿਰਪਾ ਰਾਮ ਦੀ ਅਗਵਾਈ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਮਿਲਿਆ। ਔਰੰਗਜ਼ੇਬ ਦੇ ਅੱਤਿਅਤਚਾਰਾਂ ਦੀ ਸਾਰੀ ਕਹਾਣੀ ਸੁਣ ਕੇ ਗੁਰੂ ਸਾਹਿਬ ਸੋਚੀਂ ਪੈ ਗਏ ਤਾਂ ਬਾਲ ਗੋਬਿੰਦ ਰਾਏ ਦੇ ਪੁੱਛਣ ਤੇ ਆਪ ਨੇ ਦੱਸਿਆ ਕਿ ਕਿਸੇ ਸੱਚੇ ਮਹਾਂਪੁਰਸ ਨੂੰ ਕੁਰਬਾਨੀ ਦੇਣੀ ਪਵੇਗੀ ਤਾਂ ਗੋਬਿੰਦ ਰਾਏ ਜੀ ਬੋਲੇ, ‘ਪਿਤਾ ਜੀ, ਆਪ ਤੋਂ ਵੱਡਾ ਮਹਾਂਪੁਰਸ਼ ਹੋਰ ਕਿਹੜਾ ਹੋ ਸਕਦਾ ਹੈਇਹ ਸੁਣ ਕੇ ਗੁਰੂ ਜੀ ਨੇ ਸ਼ਹਾਦਤ ਦੇਣ ਦਾ ਫੈਸਲਾ ਕੀਤਾ।

ਆਪਣੇ ਤਿੰਨ ਗੁਰਸਿੱਖ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲ ਦਾਸ ਜੀ ਸਮੇਤ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਸ਼ਹੀਦੀ ਪ੍ਰਾਪਤ ਕੀਤੀ।ਤਿੰਨ ਗੁਰਸਿੱਖਾਂ ਨੂੰ 10 ਨਵੰਬਰ ਨੂੰ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ ਤੇ ਭਾਈ ਕਾਹਨ ਸਿੰਘ ਨਾਭਾ ਦੀ ਲਿੱਖਤ ਅਨੁਸਾਰ ਗੁਰੂ ਜੀ ਨੂੰ12 ਮੱਘਰ ਸੁਦੀ 5 ਸੰਮਤ 1732 (12 ਮੱਘਰ, 11 ਨਵੰਬਰ ਸੰਨ 1675) ਨੂੰ ਸੀਸ ਧੜ ਤੋਂ ਅਲੱਗ ਕਰਕੇ ਸ਼ਹੀਦ ਕਰ ਦਿੱਤਾ ਸੀ।ਨੌਵੇਂ ਸਤਿਗੁਰੂ ਦੇ ਸ਼ਹੀਦੀ ਅਸਥਾਨ ਦਾ ਨਾਂ ‘ਸੀਸਗੰਜ਼’ ਹੈ ਜੋ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਵਿਦਯਮਾਨ ਹੈ।ਦੀਵਾਨ ਘਨੱਈਆ ਲਾਲ ਆਪਣੀ ਪੁਸਤਕ ‘ਤਾਰੀਖ-ਏ-ਪੰਜਾਬ‘ ਵਿੱਚ ਲਿੱਖਦਾ ਹੈ ਕਿ ‘ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨਾਲ ਔਰੰਗਜ਼ੇਬ ਦੇ ਸਾਮਰਾਜ ਦਾ ਪਤਨ ਹੋਣਾ ਆਰੰਭ ਹੋ ਗਿਆ।’ ‘ਤਵਾਰੀਖ ਗੁਰੂ ਖਾਲਸਾ’ ਵਿੱਚ ‘ਗਿਆਨੀ ਗਿਆਨ ਸਿੰਘ’ ਲਿੱਖਦਾ ਹੈ ਕਿ ‘ਗੁਰੂ ਜੀ ਦੀ ਸ਼ਹੀਦੀ ਤੇ ਦੇਵਤਿਆਂ ਨੇ ਫੁੱਲ ਬਰਸਾਏ। ਜ਼ਾਲਮ ਬਾਦਸ਼ਾਹ ਦਾ ਬੇੜਾ ਗਰਕ ਹੋਯਾ।’ਭਾਈ ਲੱਖੀ ਸ਼ਾਹ ਨੇ ਆਪਣੇ ਤਿੰਨ ਪੁੱਤਰਾਂ ਜਿੰਨ੍ਹਾਂ ਦੇ ਨਾਂ ਇਤਿਹਾਸ ਵਿੱਚ ਨਿਗਾਹੀਆ, ਹੇਮਾ ਤੇ ਹਾੜੀ ਕਰਕੇ ਆਉਂਦੇ ਹਨ ਤੇ ਚੌਥਾ ਸਿੱਖ ਭਾਈ ਧੂਮਾ ਦੀ ਮਦਦ ਨਾਲ ਗੁਰੂ ਤੇਗ ਬਹਾਦਰ ਸਾਹਬ ਜੀ ਦੇ ਧੜ੍ਹ ਨੂੰ ਆਪਣੇ ਰੂੰ ਵਾਲੇ ਗੱਡੇ ਵਿੱਚ ਛੁਪਾ ਕੇ ਆਪਣੇ ਘਰ ਲੈ ਆਂਦਾ ਤੇ ਘਰ ਨੂੰ ਅੱਗ ਲਗਾ ਕੇ ਸਸਕਾਰ ਕਰ ਦਿੱਤਾ।ਭਾਈ ਜੈਤਾ ਜੀ (ਭਾਈ ਜੀਵਨ ਸਿੰਘ) ਗੁਰੂ ਸਾਹਿਬ ਜੀ ਦਾ ਸੀਸ ਲੈ ਕੇ ਚੱਕ ਨਾਨਕੀ ਅਨੰਦਪੁਰ ਸਾਹਿਬ ਗੁਰੂ ਗੋਬਿੰਦ ਸਿੰਘ ਜੀ ਕੋਲ ਪਹੁੰਚ ਗਏ। ਗੁਰੂ ਗੋਬਿੰਦ ਸਿੰਘ ਜੀ ਨੇ ਭਾਈ ਜੈਤਾ ਜੀ ਦੀ ਦਲੇਰੀ ਬਹਾਦਰੀ ਤੇ ਸੂਰਬੀਰਤਾ ਤੋਂ ਖੁਸ਼ ਹੋ ਕੇ ‘ਰੰਗਰੇਟੇ ਗੁਰੂ ਕੇ ਬੇਟੇ’ ਦਾ ਖਿਤਾਬ ਬਖਸ਼ਿਸ਼ ਕੀਤਾ। 16 ਨਵੰਬਰ 1675 ਈ: ਨੂੰ ਗੁਰੂ ਤੇਗ ਬਹਾਦਰ ਜੀ ਦੇ ਸੀਸ ਦਾ ਸੰਸਕਾਰ ਅਨੰਦਪੁਰ ਸਾਹਿਬ ਵਿਖੇ ਕੀਤਾ ਗਿਆ।ਗੁਰੂ ਗੋਬਿੰਦ ਸਿੰਘ ਜੀ ਪਿਤਾ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਬਾਬਤ ਲਿੱਖਦੇ ਹਨ ਕਿ:

**ਤੇਗ ਬਹਾਦਰ ਕੇ ਚਲਤ ਭਇਓ ਜਗਤ ਕੋ ਸੋਗ।।**
**ਹੈ ਹੈ ਹੈ ਸਭ ਭਇਓ ਜੈ ਜੈ ਜੈ ਸੁਰਲੋਕ।।**

ਗੁਰੂ ਤੇਗ ਬਹਾਦਰ ਜੀ ਆਪਣੀ 54 ਵਰੇ 7 ਮਹੀਨੇ ਤੇ 10 ਦਿਨ ਦੀ ਸੰਸਾਰਿਕ ਆਯੂ ਦੌਰਾਨ 10 ਵਰੇ 7 ਮਹੀਨੇ ਤੇ 22 ਦਿਨ ਗੁਰਤਾ ਗੱਦੀ ਤੇ ਬਿਰਾਜ਼ਮਾਨ ਰਹੇ।

**ਲੇਖਕ-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ-143022**

## ਅੱਜ ਜੋਤੀ ਜੋਤ ਦਿਵਸ ’ਤੇ ਵਿਸ਼ੇਸ਼

# ਸ੍ਰੀ ਹਰਿ ਕ੍ਰਿਸ਼ਨ ਧਿਆਈਐ ਜਿਸ ਡਿਠੈ ਸਭਿ ਦੁਖ ਜਾਇ।।

**ਆਪ** ਨੇ ਸਾਵਣ ਵਦੀ 10 (8 ਸਾਵਣ) ਸੰਮਤ 1713 ਜੁਲਾਈ 7 ਸੰਨ 1656 ਈ: ਨੂੰ ਪਿਤਾ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਤੇ ਮਾਤਾ ਸ੍ਰੀ ਕ੍ਰਿਸ਼ਨ ਕੌਰ ਜੀ ਦੇ ਗ੍ਰਹਿ ਕੀਰਤਪੁਰ ਸਾਹਿਬ ਜਿਲ੍ਹਾ ਰੋਪੜ ਵਿਖੇ ਅਵਤਾਰ ਧਾਰਿਆ। ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਅਸ਼ਟਮ ਬਲਬੀਰਾ, ਬਾਲਾ ਪ੍ਰੀਤਮ ਕਹਿ ਕੇ ਵੀ ਯਾਦ ਕੀਤਾ ਜਾਂਦਾ ਹੈ। ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਸਿੱਖ ਗੁਰੂਆਂ ਵਿੱਚੋਂ ਸਭ ਤੋਂ ਛੋਟੀ ਉਮਰ ਦੇ ਗੁਰੂ ਹੋਏ ਹਨ। ਆਪ ਪੰਜ ਸਾਲ ਦੀ ਉਮਰ ਵਿੱਚ 1661 ਨੂੰ ਗੁਰਗੱਦੀ ਤੇ ਬਿਰਾਜਮਾਨ ਹੋਏ ਤੇ ਤਿੰਨ ਸਾਲ ਗੁਰਗੱਦੀ ਦੇ ਸਮੇਂ ਦੌਰਾਨ ਆਪਣੇ ਆਪ ਨੂੰ ਯੋਗ ਸਾਬਤ ਕੀਤਾ। ਪਿਤਾ ਗੁਰੂ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਕਹਿਣ ਮੁਤਾਬਿਕ ਕਿ ‘ਔਰੰਗਜ਼ੇਬ ਦੇ ਮੱਥੇ ਨਹੀ ਲੱਗਣਾ’ ਤੇ ਔਰੰਗਜ਼ੇਬ ਦੇ ਦਿੱਲੀ ਬਲਾਉਣ ਤੇ ਵੀ ਦਿੱਲੀ ਜਾਣ ਤੋਂ ਨਾਂਹ ਕਰਕੇ ਆਪਣੇ ਆਪ ਨੂੰ ਸ਼ਾਹੀ ਡਰ ਤੋਂ ਬੇਪ੍ਰਵਾਹ ਸਾਬਤ ਕੀਤਾ। ਰਾਮਰਈਆਂ ਨੂੰ ਸਦਾ ਲਈ ਗੁਰੂ ਘਰ ਤੋਂ ਤ੍ਰਿਸਕਾਰ ਦਿੱਤਾ। ਆਪ ਦੇ ਵੱਡੇ ਭਰਾ ਰਾਮਰਾਇ ਗੁਰਬਾਣੀ ਦੀ ਤੁਕ ਬਦਲਣ ਕਾਰਨ ਪਿਤਾ ਗੁਰਦੇਵ ਦੇ ਮਨੋ ਲਹਿ ਗਏ ਸਨ। ਆਪ ਪੰਜ ਕੁ ਵਰਿਆ ਦੇ ਸਨ, ਜਦ ਪਿਤਾ ਗੁਰਗੱਦੀ ਦੀ ਜਿੰਮੇਵਾਰੀ ਸੌਂਪ ਕੇ ਜੋਤੀ ਜੋਤ ਸਮਾਂ ਗਏ। ਆਪ ਦਾ ਹਿਰਦਾ ਆਪਣੇ ਪਿਤਾ ਵਾਂਗ ਬੜਾ ਕੋਮਲ ਸੀ। ਆਪ ਸ਼ੁਰੂ ਤੋਂ ਹੀ ਤੀਖਣ ਬੁੱਧੀ ਦੇ ਮਾਲਿਕ ਸਨ। ਔਰੰਗਜ਼ੇਬ ਦੇ ਦਿੱਲੀ ਬਲਾਉਣ ਤੇ ਆਪ ਨੇ ਦਿੱਲੀ ਆਉਣ ਤੋਂ ਨਾਂਹ ਕਰ ਦਿੱਤੀ, ਪਰ ਸੰਗਤਾਂ ਦੇ ਬਲਾਉਣ ਤੇ ਝੱਟ ਹਾਂ ਕਰ ਦਿੱਤੀ।(ਭਾਵੇਂ ਔਰੰਗਜ਼ੇਬ ਦੀ ਇਸ ਪਿੱਛੇ ਚਾਲ ਸੀ, ਪਰ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਸਭ ਜਾਣਦੇ ਸਨ)

ਦਿੱਲੀ ਜਾਂਦਿਆਂ ਜਦ ਪੰਜੋਖਰੇ ਦੇ ਸਥਾਨ ਤੇ ਹੰਕਾਰੀ ਪੰਡਿਤ ਲਾਲ ਚੰਦ ਦੇ ਕਹਿਣ ਤੇ ਕਿ ‘ਆਪ ਤਾਂ ਸ੍ਰੀ ਕ੍ਰਿਸ਼ਨ ਤੋਂ ਵੀ ਵੱਡੇ ਬਣਦੇ ਹੋ, ਭਗਵਾਨ ਕ੍ਰਿਸ਼ਨ ਨੇ ਤਾਂ ਗੀਤਾ ਦੀ ਸਿਰਜਣਾ ਕੀਤੀ ਸੀ ਤੁਸੀ ਕੇਵਲ ਉਸਦੇ ਅਰਥ ਹੀ ਕਰ ਵਿਖਾਉ।’ ਤਾਂ ਬ੍ਰਹਮ ਗਿਆਨ ਦੇ ਪੁੰਜ ਸਰਬ ਕਲਾ ਸੰਪੂਰਨ ਸਤਿਗੁਰੂ ਜੀ ਨੇ ਫੁਰਮਾਇਆ ਕਿ ‘ਤੁਸੀ ਆਪਣੇ ਪਿੰਡ ਵਿੱਚੋਂ ਕੋਈ ਵੀ ਵਿਅਕਤੀ ਲੈ ਕੇ ਆਉ। ਉਹ ਤੁਹਾਡੇ ਹਰ ਪ੍ਰਸ਼ਨ ਦਾ ਉੱਤਰ ਦੇਵੇਗਾ।’ ਪੰਡਿਤ ਲਾਲ ਚੰਦ ਨੇ ਪਿੰਡ ਵਿੱਚੋਂ ਮੂਰਖ ਅਨਪੜ੍ਹ ਝੀਰ ਛੱਜੂ ਨੂੰ ਬੁਲਾਇਆ। ਗੁਰੂ ਜੀ ਨੇ ਉਸ ਦੇ ਸਿਰ ਉੱਪਰ ਆਪਣੀ ਛੜੀ ਰੱਖੀ ਤਾਂ ਉਸ ਮੂਰਖ ਝੀਰ ਨੇ ਗੀਤਾ ਦੇ ਅਰਥ ਕਰਕੇ ਸੁਣਾ ਦਿੱਤੇ। ਹੰਕਾਰੀ ਪੰਡਿਤ ਨੇ ਮਾਫੀ ਮੰਗੀ ਤੇ ਗੁਰੂ ਦਾ ਸਿੱਖ ਬਣ ਗਿਆ।

ਦਿੱਲੀ ਪਹੁੰਚ ਕੇ ਆਪ ਨੇ ਆਪਣਾ ਨਿਵਾਸ ਰਾਜਾ ਜੈ ਸਿੰਘ ਦੇ ਬੰਗਲੇ ( ਜਿੱਥੇ ਹੁਣ ਗੁਰਦੁਆਰਾ ਬੰਗਲਾ ਸਾਹਿਬ ਸੁਸ਼ੋਭਿਤ ਹੈ) ਵਿੱਚ ਕੀਤਾ। ਜਿੱਥੇ ਆਪ ਨੇ ਹੰਕਾਰੀਆਂ ਦੇ ਹੰਕਾਰ ਤੋੜੇ ਤੇ ਰੋਗੀਆਂ ਦੇ ਰੋਗ ਦੂਰ ਕੀਤੇ। ਸੰਗਤ ਵੱਧਦੀ ਵੇਖ ਕੇ ਚੁਬੱਚਾ ਬਣਵਾ ਕੇ ਸਭ ਲਈ ਜਲ ਦਾ ਪ੍ਰਬੰਧ ਕੀਤਾ ( ਕਿਉਂਕਿ ਆਪ ਆਪਣਾ ਅੰਗੂਠਾ ਧੋ ਕੇ ਜਲ ਦਿੰਦੇ ਸਨ। ਇਸ ਜਲ ਨੂੰ ਸੰਗਤਾਂ ਬੜੀ ਸ਼ਰਧਾ ਨਾਲ ਛੱਕਦੀਆਂ ਸਨ ਤੇ ਆਪਣੇ ਪੁਰਾਣੇ ਤੋਂ ਪੁਰਾਣੇ ਰੋਗ ਦੂਰ ਕਰਦੀਆਂ ਸਨ)

ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਦਿੱਲੀ ਠਹਿਰਣ ਸਮੇਂ ਹੀ ਚੇਚਕ ਦੀ ਬੀਮਾਰੀ ਮਹਾਂਮਾਰੀ ਦੇ ਰੂਪ ਵਿੱਚ ਫੈਲ ਗਈ ਜੋ ਉਸ ਸਮੇਂ ਲਾ-ਇਲਾਜ ਬੀਮਾਰੀ ਸੀ। ਗੁਰੂ ਜੀ ਆਪ ਰੋਗੀਆਂ ਕੋਲ ਜਾ ਕੇ ਰੋਗੀਆਂ ਦਾ ਇਲਾਜ ਤੇ ਸੇਵਾ ਕਰਦੇ ਸਨ। ਇਹ ਬੀਮਾਰੀ ਛੂਤ ਦੀ ਹੋਣ ਕਰਕੇ ਬੱਚਿਆਂ ਤੇ ਵਧੇਰੇ ਅਸਰ ਕਰਦੀ ਹੈ। ਇੱਕ ਦਿਨ ਅਚਾਨਕ ਗੁਰੂ ਜੀ ਨੂੰ ਤੇਜ਼ ਬੁਖਾਰ ਹੋ ਗਿਆ ਜੋ ਚੇਚਕ ਵਿੱਚ ਬਦਲ ਗਿਆ, ਜਿਵੇਂ ਮਾਨੋ ਕਿ

ਗੁਰੂ ਜੀ ਨੇ ਸਾਰੇ ਸ਼ਹਿਰ ਦੀ ਬੀਮਾਰੀ ਆਪਣੇ ਉੱਪਰ ਲੈ ਲਈ ਹੋਵੇ। ਗੁਰੂ ਜੀ ਨੇ ਆਪਣਾ ਟਿਕਾਣਾ ਰਾਜਾ ਜੈ ਸਿੰਘ ਦੇ ਬੰਗਲੇ ਤੋਂ ਬਦਲ ਕੇ ਜਮਨਾ ਦੇ ਕੰਢੇ ਲੈ ਆਂਦਾ। ਗੁਰੂ ਜੀ ਨੇ ਸਭ ਨੂੰ ਧੀਰਜ ਦਿੱਤਾ ਤੇ ਕਿਹਾ ਕਿ ਸਾਡਾ ਜੋਤੀ-ਜੋਤ ਸਮਾਉਣ ਦਾ ਸਮਾਂ ਨੇੜੇ ਆ ਗਿਆ ਹੈ। ਪੰਜ ਪੈਸੇ ਤੇ ਨਾਰੀਅਲ ਮੰਗਵਾ ਕੇ ਮੱਥਾ ਟੇਕ ਕੇ ‘ਬਾਬੇ ਬਕਾਲੇ’ ਵੱਲ ਸੰਕੇਤ ਕਰ ਦਿੱਤਾ। ਅੰਤ ਆਪ 30 ਮਾਰਚ 1664 ਈ: ਨੂੰ ਦਿੱਲੀ ਵਿੱਚ ਜੋਤੀ-ਜੋਤ ਸਮਾਂ ਗਏ। ਦੱਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਭਗਉਤੀ ਦੀ ਵਾਰ ਪਾਤਸ਼ਾਹੀ ਦੱਸਵੀਂ ਦੀ ਪਹਿਲੀ ਪਉੜੀ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਬਾਰੇ ਫੁਰਮਾਇਆ ਹੈ ਕਿ:

**ਸ੍ਰੀ ਹਰਿ ਕ੍ਰਿਸ਼ਨ ਧਿਆਈਐ, ਜਿਸ ਡਿਠੈ ਸਭਿ ਦੁਖ ਜਾਇ।।**

ਮਹਾਂਕਵੀ ਭਾਈ ਸੰਤੋਖ ਸਿੰਘ ਜੀ ਰਾਸ ਬਾਰਹਵੀਂ ਦੇ ਮੰਗਲ ਵਿੱਚ ਲਿੱਖਦੇ ਹਨ ਕਿ :

**ਦਰਸ਼ਨ ਤੇ ਸੰਕਟ ਨਸਹਿ ਪਗ ਪਰਸਨ ਸੁਖਦਾਇ।**
**ਜਨ ਹਰਸਨ ਸਰਸਨ ਸਦਾ ਸ੍ਰੀ ਹਰਿਕ੍ਰਿਸ਼ਨ ਸੁਭਾਇ।**

ਭਾਵ ਕਿ ਗੁਰੂ ਹਰਿਕ੍ਰਿਸ਼ਨ ਜੀ ਦੇ ਦਰਸ਼ਨ ਮਾਤਰ ਨਾਲ ਹੀ ਸੰਕਟ ਦੂਰ ਹੋ ਜਾਂਦੇ ਹਨ। ਚਰਨ ਪਰਸਨ ਕਰ ਸੁਖਾਂ ਦੀ ਖਾਨ ਪ੍ਰਾਪਤ ਹੋ ਜਾਂਦੀ ਹੈ। ਉਹ ਆਪ ਸਦਾ ਖੇੜੇ ਵਿੱਚ ਰਹਿੰਦੇ ਹਨ ਅਤੇ ਜੋ ਵੀ ਪਾਸ ਜਾਂਦਾ ਹੈ। ਉਸਨੂੰ ਖਿੜਾ ਦੇਂਦੇ ਹਨ

**-- ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**






ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

# ਅੰਤਿਮ ਸੰਸਕਾਰ 24 ਅਪ੍ਰੈਲ, 12.00 ਵਜੇ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ।



## ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ
## Giani Pritam Singh Ji Likhari

### ਦਮਦਮੀ ਟਕਸਾਲ ਜਥਾ ਭਿੰਡਰਾਂ
### Damdami Taksal Jatha Bhindran

(1934 - 15/04/2024)

## Funeral Service - Wednesday 24th April 2024

**9:15am** ਅੰਤਿਮ ਦਰਸ਼ਨ
*Arrival of Cortege at*
Sri Guru Singh Sabha Southall, Guru Nanak Road, UB2 4NP

**11:15am** ਅੰਤਿਮ ਯਾਤਰਾ
*Departure of Cortege*

**12:00pm** ਅੰਤਿਮ ਸੰਸਕਾਰ
Antim Sanskaar
South West Middlesex Crematorium, Hounslow Road, TW13 5JH

**2:00pm** ਅਲਾਹਣੀਆ ਦਾ ਪਾਠ, ਸ੍ਰੀ ਸਹਿਜ ਪਾਠ ਭੋਗ, ਅਰਦਾਸ
*Alahniya Da Paath, Sri Sehaj Paath Bhog, Ardas*
Sri Guru Singh Sabha Southall, Guru Nanak Road, UB2 4NP

Live stream on YouTube.com/DGNSounds




### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅਕਾਦਮਿਕਤਾ ਦੇ ਖੇਤਰ ਵਿੱਚ

# "ਬੌਧਿਕ ਸੰਪਦਾ ਅਧਿਕਾਰ" ਅਤੇ "ਪੇਟੈਂਟ ਸਪੈਸੀਫਿਕੇਸ਼ਨ ਡਰਾਫਟ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ



**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਖੋਜਾਰਥੀਆਂ ਵੱਲੋਂ ਹੋ ਰਹੀਆਂ ਨਵੀਆਂ ਕਾਢਾਂ ਅਤੇ ਰਜਿਸਟਰਡ ਹੋ ਰਹੇ ਪੈਟੈਂਟਾਂ ਧਾਰਕ ਦੇ ਅਧਿਕਾਰਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਲਈ ਉਪ ਕੁਲਪਤੀ ਪ੍ਰੋ. (ਡਾ) ਐਸ.ਕੇ ਬਾਵਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਨੁੱਖੀ ਸਰੋਤ ਵਿਕਾਸ ਸੈੱਲ (ਐਚ.ਆਰ.ਡੀ.ਸੀ) ਵੱਲੋਂ "ਬੌਧਿਕ ਸੰਪਤੀ ਅਧਿਕਾਰ" ਤੇ "ਪੇਟੈਂਟ ਸਪੈਸੀਫਿਕੇਸ਼ਨ ਡਰਾਫਟ" ਵਿਸ਼ੇ 'ਤੇ ਡਾ. ਸੁਨੀਲ ਨਾਗਪਾਲ, ਕੋਆਰਡੀਨੇਟਰ, ਐਚ.ਆਰ.ਡੀ.ਸੀ ਦੀ ਦੇਖ-ਰੇਖ ਹੇਠ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਦੇ ਪਹਿਲੇ ਸੈਸ਼ਨ ਵਿੱਚ ਮੁੱਖ ਵਕਤਾ ਡਾ. ਬਲਵਿੰਦਰ ਸਿੰਘ ਸੂਚ, ਪ੍ਰੋਫੈਸਰ ਤੇ ਮੁਖੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਬੌਧਿਕ ਸੰਪਦਾ ਅਧਿਕਾਰ ਅਕਾਦਮਿਕਤਾ ਅਤੇ ਖੋਜ ਦੇ ਖੇਤਰ ਵਿੱਚ ਨਵੀਨ ਰਚਨਾਵਾਂ ਦੀ ਰੱਖਿਆ ਲਈ ਖੋਜਾਰਥੀ ਦਾ ਮਹੱਤਵਪੂਰਨ ਅਧਿਕਾਰ ਹੈ। ਜੋ ਇਹ ਗੱਲ ਨਿਸ਼ਚਿਤ ਕਰਦਾ ਹੈ ਕਿ ਖੋਜਾਰਥੀ ਦੀ ਕਾਢ ਅਤੇ ਵਿਚਾਰਾਂ ਦੀ ਆਸਾਨੀ ਨਾਲ ਚੋਰੀ ਜਾਂ ਉਸਦੀ ਨਕਲ ਨਾ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਕਾਪੀ ਰਾਇਟ, ਪੇਟੈਂਟ ਅਤੇ ਟ੍ਰੇਡਮਾਰਕ ਅਕਾਦਮਿਕ ਖੋਜਾਂ ਅਤੇ ਰਚਨਾਤਾਮਕ ਕੰਮਾਂ ਨੂੰ ਸੁਰੱਖਿਅਤ ਕਰਦੇ ਹਨ। ਉਨ੍ਹਾਂ ਦੱਸਿਆ ਕਿ ਇਸ ਅਧਿਕਾਰ ਦੁਆਰਾ ਖੋਜ ਕਰਤਾ ਆਪਣੀ ਖੋਜ ਨੂੰ ਵਿਸ਼ਵਾਸ ਨਾਲ ਸਾਂਝਾ ਕਰ ਸਕਦਾ ਹੈ ਜੋ ਨਵੀਨਤਾ ਦੇ ਸੱਭਿਆਚਾਰ ਲਈ ਜ਼ਰੂਰੀ ਹੈ। ਇਸ ਤੋਂ ਇਲਾਵਾ ਆਈ.ਪੀ.ਆਰ ਮਾਲਕੀ ਅਤੇ ਵਪਾਰੀਕਰਨ ਨੂੰ ਕਾਨੂੰਨੀ ਢਾਂਚਾ ਪ੍ਰਦਾਨ ਕਰਦਾ ਹੈ ਜੋ ਖੋਜ ਵਿੱਚ ਸਹਿਯੋਗ ਅਤੇ ਨਿਵੇਸ਼ ਨੂੰ ਉਤਸਾਹਿਤ ਕਰਦਾ ਹੈ। ਦੂਜੇ ਸੈਸ਼ਨ ਦੇ ਮੁੱਖ ਵਕਤਾ ਡਾ. ਪ੍ਰੀਤੀ ਖੇਤਰਪਾਲ, ਸਹਾਇਕ ਪ੍ਰੋਫੈਸਰ, ਸੈਂਟਰਲ ਯੂਨੀਵਰਸਿਟੀ ਆਫ ਪੰਜਾਬ, ਬਠਿੰਡਾ ਨੇ ਖੋਜਾਰਥੀਆਂ ਨੂੰ ਆਪਣੀ ਕਾਢ ਲਈ ਪੇਟੈਂਟ ਖਰੜਾ ਤਿਆਰ ਕਰਨ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਚਿਤ ਪੇਟੈਂਟ ਖਰੜਾ ਖੋਜਾਰਥੀ ਦੇ ਹੱਕਾਂ ਨੂੰ ਕਾਨੂੰਨੀ ਅਧਿਕਾਰ ਹਾਸਲ ਕਰਨ ਵਿੱਚ ਮਦਦ ਕਰਦਾ ਹੈ। ਉਨ੍ਹਾਂ ਕਾਨੂੰਨੀ ਖਰੜੇ ਦੀਆਂ ਵਿਸ਼ੇਸ਼ਤਾਵਾਂ ਅਤੇ ਵਿਲੱਖਣਤਾ ਬਾਰੇ ਜਾਣਕਾਰੀ ਦਿੰਦੇ ਹੋਏ ਖੋਜਾਰਥੀ ਨੂੰ ਦਰਪੇਸ਼ ਆਉਣ ਵਾਲੀਆਂ ਸਮੱਸਿਆਵਾਂ ਦੇ ਸਮਾਧਾਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਖੋਜਾਰਥੀਆਂ ਨੂੰ ਸਲਾਹ ਦਿੰਦੇ ਹੋਏ ਕਿਹਾ ਕਿ ਸਪਸ਼ਟ ਤੇ ਸਟੀਕ ਪੇਟੈਂਟ ਡਰਾਫਟ ਖੋਜਾਰਥੀ ਨੂੰ ਪੇਟੈਂਟ ਹਾਸਿਲ ਕਰਨ ਵਿੱਚ ਸਹਾਈ ਹੁੰਦਾ ਹੈ ਤੇ ਉਸ ਦੀ ਨਕਲ ਨੂੰ ਵੀ ਰੋਕਦਾ ਹੈ। ਉਨ੍ਹਾਂ ਪੇਟੈਂਟ ਖਰੜੇ ਦੀ ਮਹੱਤਤਾ ਦੀ ਗੱਲ ਕਰਦਿਆਂ ਦੱਸਿਆ ਕਿ ਇਹ ਪੇਟੈਂਟ ਦੀ ਪ੍ਰਵਾਨਗੀ ਅਤੇ ਖੋਜ ਦੇ ਅਧਿਕਾਰਾਂ ਦੀ ਰਾਖੀ ਵਿੱਚ ਸਹਾਈ ਹੁੰਦਾ ਹੈ। ਸੈਮੀਨਾਰ ਵਿੱਚ ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ ਅਤੇ ਲਗਭਗ 300 ਵਿਦਿਆਰਥੀਆ ਨੇ ਹਿੱਸਾ ਲਿਆ।

# ਸਰਕਾਰੀ ਹਾਈ ਸਕੂਲ ਲਾਲੇਆਣਾ ਦੀਆਂ ਵਿਦਿਆਰਥਣਾਂ ਨੇ ਨਤੀਜਿਆਂ 'ਚ ਮਾਰੀਆਂ ਮੱਲਾਂ



ਤਲਵੰਡੀ ਸਾਬੋ, 21 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਚੰਡੀਗੜ੍ਹ (ਪੰਜਾਬ) ਵੱਲੋਂ ਐਲਾਨੇ ਗਏ ਦਸਵੀਂ ਪ੍ਰੀਖਿਆ ਮਾਰਚ 2024 ਦੇ ਨਤੀਜਿਆਂ ਵਿੱਚੋਂ ਸਖਤ ਮਿਹਨਤ ਕਰਕੇ ਸਕੂਲ ਪੱਧਰ 'ਤੇ ਕਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਇੰਦਰਜੀਤ ਕੌਰ ਪੁੱਤਰੀ ਸ਼੍ਰੀ ਤਰਸੇਮ ਸਿੰਘ ਨੇ 87 ਫੀਸਦੀ ਅੰਕਾਂ ਨਾਲ ਪਹਿਲੀ ਪੁਜੀਸ਼ਨ,ਮਨਦੀਪ ਕੌਰ ਪੁੱਤਰੀ ਸ਼੍ਰੀ ਬਚਨ ਸਿੰਘ ਨੇ 86.76 ਫੀਸਦੀ ਅੰਕਾਂ ਨਾਲ ਦੂਜੀ ਪੁਜੀਸ਼ਨ, ਸਿਮਰਨ ਪੁੱਤਰੀ ਸ਼੍ਰੀ ਰਣਜੀਤ ਕੁਮਾਰ ਨੇ 82 ਫੀਸਦੀ ਅੰਕਾਂ ਨਾਲ ਤੀਜੀ ਪੁਜੀਸ਼ਨ ਪ੍ਰਾਪਤ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ।ਸਕੂਲ ਮੁਖੀ ਸ੍ਰੀ ਜਗਤਾਰ ਸਿੰਘ ਨੇ ਦੱਸਿਆ ਕਿ ਇਹ ਨਤੀਜੇ ਸਕੂਲ ਦੇ ਸਾਰੇ ਅਧਿਆਪਕਾਂ ਦੀ ਅਣਥੱਕ ਮਿਹਨਤ, ਬੱਚਿਆਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਨਾਲ ਪ੍ਰਾਪਤ ਹੋਏ ਹਨ। ਸਕੂਲ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ ਅਤੇ ਨੌਂ ਵਿਦਿਆਰਥੀਆਂ ਨੇ 80 ਫੀਸਦੀ ਤੋਂ ਵਧੇਰੇ ਅੰਕ ਪ੍ਰਾਪਤ ਕੀਤੇ ।ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ੍ਰੀ ਤਰਸੇਮ ਸਿੰਘ ਨੇ ਕਿਹਾ ਕਿ ਸਕੂਲ ਦਾ ਸਟਾਫ ਬਹੁਤ ਮਿਹਨਤੀ ਅਤੇ ਅਗਾਂਹਵਧੂ ਹੈ। ਸ੍ਰੀ ਜਗਤਾਰ ਸਿੰਘ ਵੱਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਅਤੇ ਪੂਰਨ ਸਹਿਯੋਗ ਦੇਣ ਦੀ ਆਸ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਥੇਦਾਰ ਪ੍ਰੇਮ ਸਿੰਘ ਜੀ ਦੇ ਸ਼ਰਧਾਂਜਲੀ ਸਮਾਗਮ ਵਿੱਚ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਰੀ ਗਈ ਹਾਜ਼ਰੀ

## ਡਾ ਦਵਿੰਦਰ ਸਿੰਘ ਜੀ ਵੱਲੋਂ ਸਮੂਹ ਪਹੁੰਚੇ ਪਤਵੰਤੇ ਅਤੇ ਹਾਜਰ ਹੋਈਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ



















ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਡਾਕਟਰ ਦਵਿੰਦਰ ਸਿੰਘ ਲਵਲੀ ਵਾਂ ਬਾਬਾ ਤਾਰਾ ਸਿੰਘ ਬਲਾਕ ਪ੍ਰਧਾਨ ਵਲਟੋਹਾ ਅਤੇ ਸ੍ਰ ਗੁਜਵਿੰਦਰ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਜੀ ਜਥੇਦਾਰ ਪ੍ਰੇਮ ਸਿੰਘ ਜੀ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੇ ਨਮਿੱਤ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਤਾਰਾ ਸਿੰਘ ਜੀ ਵਾਂ ਵਿਖੇ ਸਰਧਾਜਲੀ ਸਮਾਗਮ ਹੋਇਆ ਗੁਰੂ ਕੀ ਬਾਣੀ ਦਾ ਮਨੋਹਰ ਕੀਰਤਨ ਹੋਇਆ । ਵੱਖ-ਵੱਖ ਆਏ ਬੁਲਾਰਿਆਂ ਨੇ ਆਪਣੀ ਹਾਜਰੀ ਭਰੀ। ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜ਼ਰੀ ਭਰੀ ਅਤੇ ਬੋਲਦਿਆਂ ਦੱਸਿਆ ਕਿ ਜਥੇਦਾਰ ਪ੍ਰੇਮ ਸਿੰਘ ਜੀ ਬਹੁਤ ਹੀ ਮਿੱਠ ਬੋਲੜੇ ਅਤੇ ਸੂਝਵਾਨ ਨਿਤਨੇਮ ਦੇ ਧਾਰਨੀ ਹਰ ਇੱਕ ਦਾ ਦਿਲੋਂ ਪ੍ਰੇਮ ਅਤੇ ਜਥੇਬੰਦੀ ਵਿੱਚ ਵੱਧ ਚੜ ਕੇ ਸੇਵਾ ਕਰਦੇ ਸਨ। ਡਾ ਦਵਿੰਦਰ ਸਿੰਘ ਜੀ ਵੱਲੋਂ ਸਮੂਹ ਪਹੁੰਚੇ ਪਤਵੰਤੇ ਅਤੇ ਹਾਜਰ ਹੋਈਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ।ਭਾਈ ਹਰਜਿੰਦਰ ਸਿੰਘ ਜੀ ਵਾਂ ਕਬੀਰ ਹੈੱਡ ਗ੍ਰੰਥੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਗਈ। ਗੁਰਦੁਆਰਾ ਬਾਬਾ ਤਾਰਾ ਸਿੰਘ ਜੀ ਵਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਜਥੇਦਾਰ ਪ੍ਰੇਮ ਸਿੰਘ ਜੀ ਦੇ ਸਪੁੱਤਰ ਡਾ ਦਵਿੰਦਰ ਸਿੰਘ ਜੀ ਨੂੰ ਸਿਰਪਾਓ ਦਿੱਤਾ ਗਿਆ ।ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨਤਾਰਨ, ਸ੍ਰ ਕਸ਼ਮੀਰ ਸਿੰਘ ਜੀ ਸਾਬਕਾ ਸਰਪੰਚ ਬਲਾਕ ਪ੍ਰਧਾਨ ਵਲਟੋਹਾ, ਡਾ ਦਵਿੰਦਰ ਸਿੰਘ ਲਵਲੀ ਬਲਾਕ ਪ੍ਰਧਾਨ ਵਲਟੋਹਾ ਕਿਸਾਨ ਵਿੰਗ ਅਤੇ ਇਸ ਤੋਂ ਇਲਾਵਾ ਸ੍ਰ ਵਿਰਸਾ ਸਿੰਘ ਵਲਟੋਹਾ, ਭਾਈ ਗੁਰਬਚਨ ਸਿੰਘ ਕਲਸੀਆਂ ਪ੍ਰਚਾਰਕ ਸ਼੍ਰੋਮਣੀ ਕਮੇਟੀ, ਭਾਈ ਹਰਜਿੰਦਰ ਸਿੰਘ ਜੀ ਵਾਂ ਕਬੀਰ ਹੈੱਡ ਗ੍ਰੰਥੀ, ਭਾਈ ਗੁਰਦੇਵ ਸਿੰਘ ਜੀ, ਸ੍ਰ ਨਿਰਮਲ ਸਿੰਘ ਸਰਪੰਚ ਰਾਜੋਕੇ, ਸ੍ਰ ਪਰਮਿੰਦਰ ਸਿੰਘ ਸਰਪੰਚ, ਹਰਵਿੰਦਰ ਸਿੰਘ, ਕਾਰਜ ਸਿੰਘ, ਬਲਵਿੰਦਰ ਸਿੰਘ, ਸਤਿੰਦਰ ਸਿੰਘ ਅਤੇ ਹੋਰ ਬੇਅੰਤ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਹਰਿਆਣਾ ਕਮੇਟੀ ਧਰਮ ਪ੍ਰਚਾਰ ਦੇ ਸਮੂੰਹ ਪ੍ਰਚਾਰਕਾਂ ਦੀਆਂ ਮੁਸ਼ਿਕਲਾਂ ਨੂੰ

# ਜਲਦ ਕੀਤਾ ਜਾਵੇਗਾ ਦੂਰ ਤੇ ਪ੍ਰਚਾਰ ਲਹਿਰ ਨੂੰ ਕੀਤਾ ਜਾਵੇਗਾ ਪ੍ਰਚੰਡ - ਜਥੇਦਾਰ ਦਾਦੂਵਾਲ



**ਕਰਨਾਲ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਪਿਛਲੇ ਦਿਨੀ ਹਰਿਆਣਾ ਕਮੇਟੀ ਦੇ ਮੁੱਖ ਦਫਤਰ ਗੁਰਦੁਆਰਾ ਸਾਹਿਬ ਪਾਤਸ਼ਾਹ ਛੇਵੀਂ ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਵਿੰਗ ਦੇ ਅਧੀਨ ਆਉਂਦੇ ਸਮੂੰਹ ਦਫਤਰੀ ਮੁਲਾਜ਼ਮਾਂ ਅਤੇ ਕਥਾਵਾਚਕ ਢਾਡੀ ਕਵੀਸ਼ਰ ਪ੍ਰਚਾਰਕ ਸਿੰਘਾਂ ਦੀ ਮੀਟਿੰਗ ਕਰਕੇ ਉਨਾਂ ਦੀਆਂ ਮੁਸ਼ਿਕਲਾਂ ਨੂੰ ਸੁਣਿਆ ਅਤੇ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਉਨਾਂ ਦੇ ਸੁਝਾਅ ਲਏ ਅਤੇ ਆਪਣੇ ਵੱਲੋਂ ਦਿਸ਼ਾ ਨਿਰਦੇਸ਼ ਦਿੱਤੇ ਮੀਡੀਆ ਨੂੰ ਪ੍ਰੈਸਨੋਟ ਜਾਰੀ ਕਰਦਿਆਂ ਧਰਮ ਪ੍ਰਚਾਰ ਸਕੱਤਰ ਭਾਈ ਸਰਬਜੀਤ ਸਿੰਘ ਜੰਮੂ ਨੇ ਜਾਣਕਾਰੀ ਦਿੱਤੀ ਕਿ ਮੀਟਿੰਗ ਦੌਰਾਨ ਕਥਾਵਾਚਕ ਢਾਡੀ ਕਵੀਸ਼ਰ ਪ੍ਰਚਾਰਕ ਸਿੰਘਾਂ ਨੇ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੂੰ ਕੁਝ ਸੁਝਾਅ ਦਿੱਤੇ ਅਤੇ ਕੁਝ ਮੁਸ਼ਿਕਲਾਂ ਦੱਸੀਆਂ ਸਨ ਜਿੰਨਾ ਉੱਪਰ ਜਥੇਦਾਰ ਦਾਦੂਵਾਲ ਜੀ ਨੇ ਤੁਰੰਤ ਐਕਸ਼ਨ ਲੈਂਦਿਆਂ ਕਮੇਟੀ ਵੱਲੋਂ ਗੁਰਦੁਆਰਾ ਨਾਢਾ ਸਾਹਿਬ ਤੋਂ ਲਾਈਵ ਪ੍ਰਸਾਰਨ ਦੌਰਾਨ ਆਪਣੇ ਪ੍ਰਚਾਰਕਾਂ ਨੂੰ ਪਹਿਲ ਦੇ ਅਧਾਰ ਤੇ ਸਮਾਂ ਦੇਣ ਦੇ ਨਿਰਦੇਸ਼ ਜਾਰੀ ਕੀਤੇ ਹਰਿਆਣਾ ਅੰਦਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਗੁਰਦੁਆਰਿਆਂ ਚ ਜਿੰਨੇ ਵੀ ਗੁਰਪੁਰਬ ਹਫਤਾਵਾਰੀ ਜਾਂ ਮਹੀਨਾਵਾਰ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਉਹਨਾਂ ਵਿੱਚ ਪਹਿਲ ਦੇ ਅਧਾਰ ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਨਾਂ ਪ੍ਰਚਾਰਕਾਂ ਨੂੰ ਸਮਾਂ ਦੇਣ ਦੇ ਜਥੇਦਾਰ ਦਾਦੂਵਾਲ ਜੀ ਨੇ ਨਿਰਦੇਸ਼ ਜਾਰੀ ਕੀਤੇ ਉਨਾਂ ਕਿਹਾ ਕਿ ਬਾਹਰੋਂ ਪੰਥ ਪ੍ਰਸਿੱਧ ਜਥੇ ਜਾਂ ਹਜ਼ੂਰੀ ਰਾਗੀ ਦਰਬਾਰ ਸਾਹਿਬ ਦੇ ਜਥਿਆਂ ਨੂੰ ਵੀ ਸੰਗਤਾਂ ਦੀ ਮੰਗ ਅਨੁਸਾਰ ਧਰਮ ਪ੍ਰਚਾਰ ਲਈ ਬੇਨਤੀ ਕਰਕੇ ਬੁਲਾਇਆ ਜਾਵੇਗਾ ਪਰ ਹਰਿਆਣਾ ਕਮੇਟੀ ਵਿੱਚ ਕੰਮ ਕਰ ਰਹੇ ਜੱਥਿਆਂ ਨੂੰ ਵੀ ਪੂਰੀ ਅਹਿਮੀਅਤ ਦਿੱਤੀ ਜਾਵੇਗੀ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਲਈ ਜਾਂਦੇ ਜੱਥਿਆਂ ਪੰਜ ਪਿਆਰਿਆਂ ਦੇ ਵਾਸਤੇ ਵੀ ਸਾਧਨ ਦੀ ਘਾਟ ਹੈ ਜਿਨਾਂ ਵਾਸਤੇ ਸਾਧਨ ਦੀ ਅਤਿਅੰਤ ਲੋੜ ਹੈ ਜਥੇਦਾਰ ਦਾਦੂਵਾਲ ਜੀ ਨੇ ਅਪੀਲ ਕੀਤੀ ਕੇ ਧਰਮ ਪ੍ਰਚਾਰ ਲਈ ਖਰੀਦੀਆਂ ਗੱਡੀਆਂ ਜੋ ਅੰਤ੍ਰਿੰਗ ਮੈਂਬਰਾਂ ਨੇ ਹਾਈਕੋਰਟ ਦੇ ਫੈਸਲੇ ਤੋਂ ਬਾਅਦ ਘਰਾਂ ਵਿੱਚ ਖੜਾ ਕੇ ਬੈਠੇ ਹਨ ਕਿਰਪਾ ਪੂਰਵਕ ਉਹ ਗੱਡੀਆਂ ਮੁੱਖ ਦਫਤਰ ਵਿਖੇ ਭੇਜ ਦੇਣੀਆਂ ਚਾਹੀਦੀਆਂ ਹਨ ਉਨਾਂ ਨੂੰ ਧਰਮ ਪ੍ਰਚਾਰ ਲਈ ਦਫ਼ਤਰ ਵਰਤ ਸਕੇ ਉਹ ਗੱਡੀਆਂ ਕਿਸੇ ਦੀ ਨਿੱਜੀ ਜਾਇਦਾਦ ਨਹੀਂ ਹਨ ਬਿਨਾਂ ਕਾਰਣ ਗੱਡੀਆਂ ਦੀ ਘਰੇਲੂ ਵਰਤੋਂ ਕਰਨੀ ਵੀ ਭਰਿਸ਼ਟਾਚਾਰ ਹੈ ਤੇ ਕਿਸੇ ਮੈਂਬਰ ਵੱਲੋਂ ਧਰਮ ਪ੍ਰਚਾਰ ਦੇ ਕਾਰਜਾਂ ਵਿੱਚ ਰੁਕਾਵਟ ਖੜੀ ਕਰਨਾ ਵੀ ਜਾਇਜ਼ ਨਹੀਂ ਹੈ

### ਢੀਂਡਸਾ ਪਰਿਵਾਰ ਵੱਲੋਂ ਰੱਖੀ ਗਈ ਮੀਟਿੰਗ ਨੇ ਕੀਤਾ ਰੈਲੀ ਦਾ ਰੂਪ ਧਾਰਨ

# ਢੀਂਡਸਾਂ ਨੇ ਕੀਤਾ ਆਏ ਵਰਕਰਾਂ ਦਾ ਦਿਲ ਦੀਆਂ ਗਹਿਰਾਈਆਂ 'ਚ ਧੰਨਵਾਦ



ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਸੁਖਦੇਵ ਸਿੰਘ ਢੀਂਡਸਾਂ ਦੀ ਅਗਵਾਹੀ ਹੇਠ ਅੱਜ ਉਹਨਾਂ ਦੇ ਸੰਗਰੂਰ ਗ੍ਰਹਿ ਵਿਖੇ ਉਹਨਾਂ ਦੇ ਸਮਰਥਕਾਂ ਦੀ ਇੱਕ ਮੀਟਿੰਗ ਰੱਖੀ ਗਈ ਜੋ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਇਕੱਠ ਵਿੱਚ ਆਪ ਮੁਹਾਰੇ ਪਹੁੰਚੇ ਲੋਕ ਸਾਬਕਾ ਵਿੱਤ ਮੰਤਰੀ ਸ ਪਰਮਿੰਦਰ ਸਿੰਘ ਢੀਂਡਸਾ ਪਰਿਵਾਰ ਨੂੰ ਹੋਰ ਮਜਬੂਤ ਕਰਨ ਦੇ ਲਈ ਪਹੁੰਚੇ ਹੋਏ ਸਨ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕ ਸਭਾ ਚੋਣਾਂ ਦੇ ਲਈ ਪਹਿਲਾਂ ਪਰਮਿੰਦਰ ਸਿੰਘ ਢੀਂਡਸਾ ਨੂੰ ਪ੍ਰਮੁੱਖ ਦਾਵੇਦਾਰ ਵਜੋਂ ਪੇਸ਼ ਕੀਤਾ ਗਿਆ ਸੀ ਪਰ ਐਨ ਮੌਕੇ ਤੇ ਆ ਕੇ ਉਹਨਾਂ ਨੂੰ ਅੱਖੋਂ ਪਰੋਖੇ ਕਰਕੇ ਸੁਖਬੀਰ ਸਿੰਘ ਬਾਦਲ ਵੱਲੋਂ ਇਕਬਾਲ ਸਿੰਘ ਝੂੰਦਾਂ ਨੂੰ ਉਮੀਦਵਾਰ ਐਲਾਨ ਦਿੱਤਾ ਗਿਆ। ਜਿਸ ਦੇ ਨਾਲ ਸੰਗਰੂਰ ਲੋਕ ਸਭਾ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਅਹੁਦੇਦਾਰਾਂ ਵਿੱਚ ਗੁੱਸੇ ਦੀ ਲਹਿਰ ਪਾਈ ਜਾ ਰਹੀ ਸੀ, ਵਰਕਰਾਂ ਤੇ ਅਹੁਦੇਦਾਰਾਂ ਦੇ ਰੋਹ ਨੂੰ ਦੇਖਦਿਆਂ ਹੋਇਆਂ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਵੱਲੋਂ ਆਪਣੇ ਗ੍ਰਹਿ ਵਿਖੇ ਵਰਕਰਾਂ ਦੀ ਇੱਕ ਛੋਟੀ ਜਿਹੀ ਮੀਟਿੰਗ ਰੱਖੀ ਗਈ ਜਿਸ ਮੀਟਿੰਗ ਵਿੱਚ ਆਪ ਮੁਹਾਰੇ ਪਹੁੰਚੇ ਸੰਗਰੂਰ ਲੋਕ ਸਭਾ ਹਲਕੇ ਲੋਕਾਂ ਨੇ ਮੀਟਿੰਗ ਨੂੰ ਰੈਲੀ ਦੇ ਰੂਪ ਵਿੱਚ ਬਦਲ ਦਿੱਤਾ। ਜਿਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਢੀਂਡਸਾ ਪਰਿਵਾਰ ਨੂੰ ਲੋਕ ਸਭਾ ਹਲਕੇ ਦੇ ਸੰਗਰੂਰ ਪਹਿਲਾਂ ਦੀ ਤਰ੍ਹਾਂ ਅੱਜ ਵੀ ਬਹੁਤ ਜ਼ਿਆਦਾ ਪਿਆਰ ਕਰਦੇ ਹਨ।ਮੀਟਿੰਗ ਵਿੱਚ ਆਪ ਮੁਹਾਰੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਬਰਕਰਾਂ ਤੇ ਅਹੁਦੇਦਾਰਾਂ ਦਾ ਸੁਖਦੇਵ ਸਿੰਘ ਢੀਡਸਾ ਅਤੇ ਪਰਮਿੰਦਰ ਸਿੰਘ ਢੀਂਡਸਾ ਨੇ ਦਿਲ ਦੀਆਂ ਗਹਿਰਾਈਆਂ ਵਿੱਚੋਂ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ, ਗੁਰਬਚਨ ਸਿੰਘ ਬਚੀ, ਸੁਖਵੰਤ ਸਿੰਘ ਸਰਾਓ, ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਸ਼੍ਰੋਮਣੀ ਕਮੇਟੀ, ਜਸਬੀਰ ਸਿੰਘ ਦਿਓਲ, ਮਲਕੀਤ ਸਿੰਘ ਚੰਗਾਲ ਮੈਂਬਰ ਸ਼੍ਰੋਮਣੀ ਕਮੇਟੀ, ਕਰਨ ਘੁਮਾਣ ਦਿੜਬਾ, ਪ੍ਰਿਤਪਾਲ ਸਿੰਘ ਹਾਂਡਾ,ਅਮਨਬੀਰ ਸਿੰਘ ਚੈਰੀ, ਵਰਿੰਦਰਪਾਲ ਸਿੰਘ ਟੀਟੂ ,ਹਰਪ੍ਰੀਤ ਸਿੰਘ ਢੀਡਸਾ, ਇਕਬਾਲ ਸਿੰਘ ਲੱਕੀ, ਕਰਨੈਲ ਸਿੰਘ ਠੂਲੀਵਾਲ , ਪਰਮਜੀਤ ਸਿੰਘ ਪੰਮਾ ਬਾਠ, ਚਰਨਜੀਤ ਸਿੰਘ ਗੱਗੜਪੁਰ, ਤੁਫੈਲ ਮਲੇਰਕੋਟਲਾ, ਅਬਦੁਲ ਗੁਫਾਰ, ਸੁਨੀਤਾ ਸ਼ਰਮਾ, ਗੁਰਵਿੰਦਰ ਸਿੰਘ ਗੋਗੀ , ਸਤਿਗੁਰ ਸਿੰਘ ਕੰਧਾਰਗੜ੍ਹ ਛੰਨਾ, ਗਿੱਪੀ ਬੁਗਰਾ ਕਿਵੇਂ ਹੋ ਓਏ ਆ ਜਾਓ ਪਾਰਟੀ ਬੁਲਟੀ ਤਾਂ ਲਿਆਓ ਯਾਰ ਇਹਜੋ ਬੜੇ ਪਾਸ ਹੋਏ ਤੁਸੀਂ ਤਾਂ ਸਹੀ ਉਹ ਕਿਵੇਂ ਹੋ ਓਏ ਆ ਜਾਓ ਪਾਰਟੀ ਬੁਲਟੀ ਤਾਂ ਲਿਆਓ ਯਾਰ ਇਹ ਜੋ ਬੜੇ ਪਾਸ ਹੋਏ ਤੁਸੀਂ ਤਾਂ ਸਹੀ ਤੋਂ ਇਲਾਵਾ ਅਕਾਲੀ ਦਲ ਦੇ ਕਰਾਂ ਤੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਲੀਪੁਰ ਖਾਲਸਾ ਵਿਖੇ ਚੁਪਹਿਰਾ ਸਮਾਗਮ ਅੱਜ : ਬਾਬਾ ਮਨਪ੍ਰੀਤ ਸਿੰਘ ਅਲੀਪੁਰ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੀ ਯਾਦ ਵਿੱਚ ਪਹਿਲਾ ਚੁਪਹਿਰਾ ਸਮਾਗਮ 21 ਅਪ੍ਰੈਲ ਦਿਨ ਐਤਵਾਰ 2024 ਨੂੰ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵਿਖੇ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਦੀ ਯੋਗ ਅਗਵਾਈ ਹੇਠ ਬੜੀ ਹੀ ਸ਼ਰਧਾ ਭਾਵਨਾ ਨਾਲ ਸੁਰੂ ਕੀਤਾ ਜਾ ਰਿਹਾ ਹੈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਕਿਹਾ ਕਿ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੀ ਨਿੱਘੀ ਅਤੇ ਮਿਠੀ ਯਾਦ ਨੂੰ ਤਾਜਾ ਕਰਦਿਆ ਚੁਪਹਿਰਾ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸੰਗਤਾਂ ਵੱਡੀ ਗਿਣਤੀ ਵਿੱਚ ਹਾਜਰੀ ਭਰਨਗੀਆਂ। ਇਹ ਸਮਾਗਮ ਦਾ ਸਮਾਂ ਦੁਪਿਹਰ 12 ਵਜੇ ਤੋਂ ਲੈ ਕੇ ਸਾਮ 4 ਵਜੇ ਤੱਕ ਹੋਵੇਗਾ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

# ਸਿੱਖ ਫੈਡਰੇਸ਼ਨ ਦੇ ਦੋ ਸਿਰਕੱਢ ਆਗੂਆਂ ਨੂੰ ਸ੍ਰੌਮਣੀ ਅਕਾਲੀ ਦਲ ਨੇ ਆਪਣਾ ਸਲਾਹਕਾਰ ਬਣਾਇਆ-: ਗੁਰਮੁੱਖ ਸਿੰਘ ਸੰਧੂ ਅਤੇ ਗੁਰਬਖਸ਼ ਸਿੰਘ ਸੇਖੋ ਬਣੇ ਸਲਾਹਕਾਰ

**ਚੰਡੀਗੜ੍ਹ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਸ੍ਰੌਮਣੀ ਅਕਾਲੀ ਦਲ ਨੇ ਹੁਣ ਪੰਥਕ ਚਿਹਰਿਆ ਨੂੰ





ਆਪਣੀ ਪਾਰਟੀ ਵਿੱਚ ਅਹਿਮ ਸਥਾਨ ਦੇਕੇ ਨਿਵਾਜਿਆ ਹੈ । ਪਾਰਟੀ ਹੈਡਕੁਆਰਟਰ ਤੋ ਹੋਈਆ ਨਿਯੁਕਤੀਆਂ ਵਿੱਚ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਜਰਨਲ ਸਕੱਤਰ ਸ੍ਰੌਮਣੀ ਅਕਾਲੀ ਦਲ ਦੇ ਨਿਕਟਵਰਤੀ ਸਾਥੀ ਸ੍ਰ ਗੁਰਮੁੱਖ ਸਿੰਘ ਸੰਧੂ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਗਰੇਵਾਲ ਦੇ ਪ੍ਰਧਾਨ ਸ ਗੁਰਚਰਨ ਸਿੰਘ ਗਰੇਵਾਲ ਸਾਬਕਾ ਜਰਨਲ ਸਕੱਤਰ ਸ੍ਰੌਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿੱਕਟਵਰਤੀ ਸਾਥੀ ਸ੍ਰ ਗੁਰਬਖਸ਼ ਸਿੰਘ ਸੇਖੋ ਨੂੰ ਕ੍ਰਮਵਾਰ ਸਲਾਹਕਾਰ ਨਿਯੁਕਤ ਕੀਤਾ ਹੈ । ਪਿਛਲੇ ਦੋ ਦਹਾਕਿਆ ਤੋ ਵੱਧ ਸਮੇ ਦੌਰਾਨ ਫੈਡਰੇਸ਼ਨ ਦੀਆ ਮੋਹਰਲੀਆ ਸਫਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲਾ ਟਕਸਾਲੀ ਅਕਾਲੀ ਪ੍ਰੀਵਾਰਾ ਨਾਲ ਸਬੰਧਿਤ ਇਹਨਾਂ ਨੌਜਵਾਨਾਂ ਤੇ ਸ੍ਰ ਬਾਦਲ ਨੇ ਭਰੋਸਾ ਜਤਾਇਆ ਹੈ । ਇਹਨਾਂ ਦੋ ਨਿਯੁਕਤੀਆਂ ਨਾਲ ਹਲਕਾ ਜੀਰਾ ਸਮੇਤ ਪੰਜਾਬ ਦੇਸ ਦੁਨੀਆ ਵਿੱਚ ਵੱਡੀ ਖੁਸੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ ਤੇ ਹੁਣ ਇਹ ਵੀ ਮਹਿਸੂਸ ਕੀਤਾ ਜਾ ਰਿਹਾ ਹੈ ਕਿ ਆਉਣ ਵਾਲੇ ਸਮੇ ਵਿੱਚ ਆਮ ਘਰਾ ਦੇ ਅਕਾਲੀ ਫੈਡਰੇਸ਼ਨ ਵਰਕਰਾਂ ਨੂੰ ਹੋਰ ਜਿੰਮੇਵਾਰੀਆ ਵੀ ਮਿਲਣਗੀਆਂ । ਇਸੇ ਦੌਰਾਨ ਸ੍ਰ ਗੁਰਮੁੱਖ ਸਿੰਘ ਸੰਧੂ ਅਤੇ ਸ੍ਰ ਗੁਰਬਖਸ਼ ਸਿੰਘ ਸੇਖੋ ਨੇ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ, ਪਾਰਟੀ ਦੇ ਸੀਨੀਅਰ ਆਗੂਆਂ ਸ੍ਰ ਬਲਵਿੰਦਰ ਸਿੰਘ ਭੂੰਦੜ, ਸ੍ਰ ਬਿਕਰਮ ਸਿੰਘ ਮਜੀਠੀਆਂ, ਡਾਕਟਰ ਦਲਜੀਤ ਸਿੰਘ ਚੀਮਾ , ਸ੍ਰ ਚਰਨਜੀਤ ਸਿੰਘ ਬਰਾੜ , ਸ੍ਰ ਵਿਰਸਾ ਸਿੰਘ ਵਲਟੋਹਾ , ਸ੍ਰ ਗੁਰਚਰਨ ਸਿੰਘ ਗਰੇਵਾਲ, ਸ੍ਰ ਕਰਨੈਲ ਸਿੰਘ ਪੀਰਮੁਹੰਮਦ , ਸ੍ਰ ਬਲਜਿੰਦਰ ਸਿੰਘ ਮੱਖਣ ਬਰਾੜ , ਸ੍ਰ ਗੁਰਮੀਤ ਸਿੰਘ ਬੂਹ ਦਾ ਜੋਰਦਾਰ ਧੰਨਵਾਦ ਕਰਦਿਆ ਹਲਕਾ ਜੀਰਾ ਦੇ ਇੰਚਾਰਜ ਸਾਬਕਾ ਕੈਬਨਿਟ ਮੰਤਰੀ ਸ੍ਰ ਜਨਮੇਜਾ ਸਿੰਘ ਸੇਖੋ ਅਤੇ ਸਮੁੱਚੀ ਅਕਾਲੀ ਲੀਡਰਸ਼ਿਪ ਨੂੰ ਪੂਰਨ ਭਰੋਸਾ ਦਿੱਤਾ ਹੈ ਕਿ ਉਹ ਪਾਰਟੀ ਲਈ ਤਨ,ਮਨ, ਧੰਨ ਨਾਲ ਦਿਨ ਰਾਤ ਸੇਵਾ ਕਰਨਗੇ ।

# ਗਦਾਰ ਕੌਣ... ?



ਮਹਾਨ ਸਿੱਖ ਕਿਰਦਾਰਾਂ ਨੂੰ ਗ਼ਦਾਰ ਗਰਦਾਨ ਕੇ ਵਰਤਮਾਨ ਹਕੂਮਤ ਦੇ ਚਾਪਲੂਸ ਬਣ੍ਹਨ ਦੀ ਦੌੜ੍ਹ ਵਿਚ ਹਰ ਕੋਈ ਇਕ ਦੂਸਰੇ ਨੂੰ ਪਛਾੜਨਾ ਚਾਹੁੰਦਾ ਹੈ। ਪਰ ਇਹ ਤਾਂ ਸੋਚੋ ਅਗਲੇ ਤਾਂ ਤੁਹਾਨੂੰ ਪੈਰ ਜੁੱਤੀ ਬਰਾਬਰ ਵੀ ਨੀ ਜਾਣਦੇ ਕਿਉਂ ਜਮਨਾ ਪਾਰ ਵਾਲਿਆਂ ਦੇ ਪੱਗਾਂ ਪੈਰਾਂ ਤੇ ਰੱਖ ਮੱਥੇ ਟੇਕੀ ਜਾਂਦੇ ਹੋ ਬੇਸ਼ਰਮੋਂ 1857 ਦੇ ਗਦ.ਰ ਨੂੰ ਦਬਾਉਣ ਵਿਚ ਸਭ ਤੋਂ ਵੱਡੀ ਭੂਮਿਕਾ ਸਿੱਖ ਰੈਜੀਮੈਂਟ ਨੇ ਨਿਭਾਈ ਸੀ,ਜਿਸ ਵਿਚ ਸੰਤ ਬਾਬਾ ਕਰਮ ਸਿੰਘ ਹੋਤੀ ਮਰਦਾਨ ਵਰਗੇ ਸੰਤ ਪੁਰਸ਼ਾਂ ਵੀ ਡਿਊਟੀ ਨਿਭਾ ਕੇ ਧਰਮ ਕਮਾਇਆ ਕਿਉਂਕਿ ਪੂਰਬੀਆਂ ਨੇ ਦਿੱਲੀ ਵਿਚ ਏਨੀ ਜਿਆਦਾ ਲੁੱਟਮਾਰ ਕਤਲੋਗਾਰਤ ਕੀਤੀ ਸੀ ਜਿਸਦਾ ਵਰਨਣ ਸਿੱਖ ਤਵਾਰੀਖ਼ ਵਿਚ ਦਰਜ ਹੈ। ਏਸੇ ਘਟਨਾ ਨੂੰ ਲੈ ਕੇ ਸਿੱਖਾਂ ਨੂੰ ਭਾਰਤੀ ਇਤਿਹਾਸਕਾਰ ਦੋਸ਼ੀ ਵੀ ਗਰਦਾਨਦੇ ਹਨ,ਕਿ ਸਿੱਖਾਂ ਨੇ 1857 ਵਿਚ ਅੰਗਰੇਜ਼ਾਂ ਦਾ ਸਾਥ ਦਿੱਤਾ । ਜਿਸਦਾ ਜਵਾਬ ਵਿਸ਼ਵ ਸਿੱਖ ਕੌਂਸਲ ਦੇ ਚੇਅਰਮੈਨ ਸਰਦਾਰ ਕੁਲਬੀਰ ਸਿੰਘ ਕੌੜਾ ਦੇਂਦੇ ਹਨ । "ਜਿੰਨਾ ਪੂਰਬੀਆਂ ਡੋਗਰਿਆਂ ਕਰਕੇ ਸਿੱਖਾਂ ਦਾ ਕਾਬਲ ਕੰਧਾਰ ਤੋਂ ਲੇਹ ਲਦਾਖ ਤੱਕ ਦਾ ਰਾਜਭਾਗ ਗਿਆ ਉਨ੍ਹਾਂ ਤੇ ਕੇਵਲ 8 ਸਾਲ ਬਾਅਦ ਸਿੱਖ ਕਿਵੇਂ ਇਤਬਾਰ ਕਰ ਲੈਂਦੇ.... ?" ਰਹੀ ਗੱਲ ਮਜੀਠੀਆ ਪਰਿਵਾਰ ਦੀ ਸਰਦਾਰ ਚਤਰ ਸਿੰਘ ਮਹਾਰਾਜਾ ਰਣਜੀਤ ਸਿੰਘ ਜੀ ਦੀ ਹਕੂਮਤ ਸਰਕਾਰ ਖਾਲਸਾ ਦਾ ਰਾਵਲਪਿੰਡੀ ਦਾ ਗਵਰਨਰ ਸੀ। ਜਿਸਦੇ ਪੁੱਤਰ ਰਾਜਾ ਸੂਰਤ ਸਿੰਘ ਨੇ 1848 ਵਿਚ ਖਾਲਸਾ ਰਾਜ ਬਚਾਉਣ ਹਿੱਤ ਅੰਗਰੇਜ਼ਾਂ ਵਿਰੁੱਧ ਬਗਾਵਤ ਕੀਤੀ, ਤੇ 1849 ਵਿਚ ਅੰਗਰੇਜ਼ਾਂ ਨੇ ਮਜੀਠੀਆ ਪਰਿਵਾਰ ਦੀ ਸਾਰੀ ਜਾਇਦਾਦ ਜਬਤ ਕਰਕੇ ਪੰਜਾਬ ਚੋਂ ਕੱਢ ਬਨਾਰਸ ਜਲਾਵਤਨ ਕਰ ਦਿੱਤਾ । ਉਸਤੋਂ ਬਾਅਦ ਕਲਾ ਵਰਤੀ ਜਦੋਂ ਕੁਝ ਧਾੜਵੀਆਂ ਨੇ ਚਨਾਰ ਦੇ ਕਿਲ੍ਹੇ ਵਿਚ ਕੈਦ ਮਹਾਰਾਣੀ ਜਿੰਦਾਂ ਦੇ ਗਹਿਣੇ ਲੁੱਟਣੇ ਚਾਹੇ ਤਾਂ ਜਨਰਲ ਸੂਰਤ ਸਿੰਘ ਨੇ ਆਪਣੀ ਜਾਨ ਤੇ ਖੇਡ ਕੇ ਐਸੀ ਬਹਾਦਰੀ ਵਿਖਾਈ ਕਿ ਅੰਗਰੇਜ਼ਾਂ ਨੇ ਪੰਜਾਬ ਦੀ ਸਾਰੀ ਜਾਇਦਾਦ ਫੇਰ ਵਾਪਸ ਕਰ ਦਿੱਤੀ ਤੇ ਹਕੂਮਤ ਵਿਚ ਆਨਰੇਰੀ ਮੈਜਿਸਟਰੇਟ ਨਿਯੁਕਤ ਕਰ ਦਿੱਤਾ । ਚਾਪਲੂਸੀ ਕਰਕੇ ਗੱਦੀਆਂ ਹਾਸਲ ਕਰਨ ਵਾਲੇ ਸਿੱਖ ਕਿਰਦਾਰਾਂ ਤੇ ਧੱਬਾ ਲਾਉਣ ਤੋਂ ਪਹਿਲਾਂ ਇਹ ਸੋਚ ਲਵੋ ਕਿ ਜਵਾਬ ਦੇਣ ਵਾਲੇ ਬੈਠੇ ਹਨ। ਮੇਰਾ ਸਵਾਲ ਤਾਂ ਇਹ ਹੈ ਕਿ ਜੰਗੇ ਅਜਾਦੀ ਦੀ ਲੜ੍ਹਾਈ 1857 ਨੂੰ ਹੀ ਕਿਉਂ ਮੰਨਿਆ ਗਿਆ... ? ਜਦਕਿ ਉਸ ਤੋਂ ਪਹਿਲਾਂ ਬੁੱਢਾ ਦਲ ਦੇ ਸਤਵੇਂ ਮੁਖੀ ਸ਼ਹੀਦ ਜਥੇਦਾਰ ਹਨੂੰਮਾਨ ਸਿੰਘ ਜੀ ਅੰਗਰੇਜ਼ਾਂ ਵਿਰੁੱਧ ਜੂਝ ਕੇ ਸ਼ਹੀਦ ਹੋਏ। ਬਾਬਾ ਬੀਰ ਸਿੰਘ ਨੌਰੰਗਾਬਾਦ ਜੀ ਦੀ ਸ਼ਹਾਦਤ ਅੰਗਰੇਜ਼ਾਂ ਵਿਰੁੱਧ ਜੂਝਦਿਆਂ ਹੋਈ । ਭਾਈ ਮਹਾਰਾਜ ਸਿੰਘ ਜੀ ਨੂੰ ਜਲਾਵਤਨ ਕਰਕੇ ਸ਼ਹੀਦ ਕੀਤਾ ਗਿਆ । ਸੰਤ ਬਾਬਾ ਰਾਮ ਸਿੰਘ ਜੀ ਦੀ ਚਲਾਈ ਕੂਕਾ ਲਹਿਰ ਜਿੰਨਾ ਬਾਗ਼ੀ ਕੌਣ ਹੋ ਸਕਦਾ ਜਿੰਨਾ ਨੂੰ ਜਲਾਵਤਨ ਕਰਕੇ ਸ਼ਹੀਦ ਕੀਤਾ ਗਿਆ । ਇਹ ਸਾਰੀਆਂ ਸ਼ਹਾਦਤਾਂ ਦੇਸ਼ ਤੇ ਵਤਨ ਖਾਤਰ ਹੋਈਆਂ,ਜੰਗੇ ਅਜਾਦੀ ਵਿਚ ਸਭ ਤੋਂ ਵੱਧ ਸ਼ਹਾਦਤਾਂ ਕਾਮਾਗਾਟਾਮਾਰੂ ਤੋਂ ਲੈ ਕੇ ਕਾਲੇ ਪਾਣੀਆਂ ਤੱਕ ਸਿੱਖਾਂ ਨੇ ਦਿੱਤੀਆਂ ਫੇਰ ਅਗਸਤ 1947 ਵਿਚ ਪੰਜਾਬ ਦੀ ਵੰਡ ਵੇਲੇ 10 ਲੱਖ ਲੋਕਾਂ ਦਾ ਕਤ੍ਹਲੇਆਮ,ਪੰਜਾਬੀ ਸੂਬੇ ਦਾ ਮੋਰਚਾ, ਧਰਮ ਯੁੱਧ ਮੋਰਚਾ ਤੋਂ ਲੈ ਕੇ ਵਰਤਮਾਨ ਤੱਕ ਸਿੱਖਾਂ ਦੀਆਂ ਕੁਰਬਾਨੀਆਂ ਨੂੰ ਏਨਾ ਅਣਗੌਲ੍ਹੇ ਕਿਉਂ ਕੀਤਾ ਗਿਆ ਜਿਸ ਸਵਾਲ ਤੇ ਹਰ ਕੋਈ ਚੁੱਪ ਹੈ ।ਸੁੰਦਰ ਸਿੰਘ ਮਜੀਠੀਆ ਦੀ ਸਿੱਖ ਪੰਥ ਨੂੰ ਕੀ ਦੇਣ ਸੀ ਉਸ ਦਾ ਜਿਕਰ ਅਗਲੀ ਪੋਸਟ ਵਿਚ ਕਰਾਂਗੇ।

**-ਸ਼ਮਸ਼ੇਰ ਸਿੰਘ ਜੇਠੂਵਾਲ**

ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ॥



1-1-1955 ਤੋਂ 13-4-2024

ਬੀਬੀ ਮਨਜੀਤ ਕੌਰ ਜੀ ਜੇਠੂਵਾਲ

# ਭੋਗ ਅਤੇ ਅੰਤਿਮ ਅਰਦਾਸ

ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਬੀਬੀ ਮਨਜੀਤ ਕੌਰ ਜੀ ਜੋ ਮਿਤੀ: 13-04-2024 ਨੂੰ ਸਦੀਵੀ ਵਿਛੋੜਾ ਦੇ ਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਸਮਾਗਮ

**ਮਿਤੀ: 22-04-2024 ਦਿਨ ਸੋਮਵਾਰ ਨੂੰ ਦੁਪਿਹਰ 12.00 ਵਜੇ ਤੋਂ 1.00 ਵਜੇ ਤੱਕ ਗੁ: ਬਾਬੇ ਸ਼ਹੀਦਾਂ ਸਾਹਿਬ, ਪਿੰਡ ਜੇਠੂਵਾਲ ਵਿਖੇ ਵਿਖੇ ਪੈਣਗੇ ਅਤੇ ਅੰਤਿਮ ਅਰਦਾਸ ਹੋਵੇਗੀ।**

ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਅਕਾਲ ਪੁਰਖ ਦੇ ਭਾਣੇ ਵਿੱਚ:-

ਬਲਵਿੰਦਰ ਸਿੰਘ ਯੋਧਪੁਰੀ ਜੇਠੂਵਾਲ 9914813471

ਢਾਡੀ ਨਿਰਮਲ ਸਿੰਘ ਜੇਠੂਵਾਲ 9815725280

ਸਕਿੰਦਰ ਸਿੰਘ ਜੇਠੂਵਾਲ 9988325070

ਹਰਪ੍ਰੀਤ ਸਿੰਘ ਹਰ ਮੈਂਬਰ 8054764727

## ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ

# ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ







**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ )**-ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ ਕੀਤਾ ਗਿਆ। ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ।ਇਸ ਵਾਰ ਲੰਗਰ ਪ੍ਰਸ਼ਾਦੇ ਦੀ ਸੇਵਾ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਭਾਈ ਮਹਿੰਦਰਪਾਲ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ। ਆਈਆਂ ਸੰਗਤਾਂ ਵਾਸਤੇ ਸਰਦਾਈ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ।ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਬਾਬਾ ਦਇਆ ਸਿੰਘ ਜੀ, ਸ੍ਰ ਜਸਵੰਤ ਸਿੰਘ ਜੀ ਅਲਗੋ ਕੋਠੀ ,ਸ੍ਰ ਗੁਰਬਖਸ਼ ਸਿੰਘ, ਅਨਮੋਲ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

**ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ**

ਆਵਾਜ਼ਿ ਕੌਮ AWAZE QAUM International Newspaper & WEB TV

# ਹਰ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਕੇ ਇਲਾਕੇ ਵਿੱਚ ਤਰੱਕੀ ਅਤੇ ਵਿਕਾਸ ਦੇ ਰਾਹ ਖੋਲ੍ਹਾਂਗਾ - ਤਰਨਜੀਤ ਸਿੰਘ ਸੰਧੂ ਸਮੁੰਦਰੀ



**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਵਿਜੈ ਨਗਰ, ਬਟਾਲਾ ਰੋਡ ਵਿਖੇ ਹੋਈ ਰੈਲੀ ਨੂੰ ਸੰਬੋਧਨ ਕਰਦਿਆਂ ਇਲਾਕੇ ਦੀਆਂ ਸਮੱਸਿਆਵਾਂ ਤੇ ਉਨ੍ਹਾਂ ਪ੍ਰਤੀ ਭਾਰਤੀ ਜਨਤਾ ਪਾਰਟੀ ਦੇ ਵਿਜ਼ਨ ਬਾਰੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਮੈਂ ਤੁਹਾਡੇ ਨਾਲ ਵਾਅਦਾ ਕਰਦਾ ਹਾਂ ਕਿ ਇਸ ਇਲਾਕੇ ਦੀ ਹਰ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਕੇ ਇਲਾਕੇ ਵਿੱਚ ਤਰੱਕੀ ਅਤੇ ਵਿਕਾਸ ਦੇ ਰਾਹ ਖੋਲ੍ਹਾਂਗਾ। ਸ਼ਿਵ ਦਰਸ਼ਨ ਸ਼ਰਮਾ ਵੱਲੋਂ ਆਯੋਜਿਤ ਚੋਣ ਰੈਲੀ 'ਚ ਹਲਕਾ ਉੱਤਰੀ ਦੇ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਮੰਡਲ ਪ੍ਰਧਾਨ ਅਮਿਤ ਅਬਰੋਲ, ਸੰਦੀਪ ਵਰਮਾ,ਯੋਗੇਸ਼ ਭਾਗੀਆ, ਰਮਨ ਸ਼ਰਮਾ, ਰਮੇਸ਼ ਸ਼ਰਮਾ, ਇੰਦਰਜੀਤ ਸਿੰਘ ਬੂਥ ਇੰਚਾਰਜ, ਮਹਿੰਦਰ ਕੁਮਾਰ, ਦਮਨ ਸ਼ਰਮਾ, ਰੋਹਿਤ ਸ਼ਰਮਾ ਤੋਂ ਇਲਾਵਾ ਭਾਰੀ ਗਿਣੀ ਵਿਚ ਮਹਿਲਾਵਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੇ ਅਕਾਲੀ ਦਲ ਛੱਡ ਕੇ ਭਾਜਪਾ ਸ਼ਾਮਿਲ ਹੋਈ ਸ੍ਰੀਮਤੀ ਸਵੀਟੀ ਮਹਾਜਨ ਨੂੰ ਮਹਿਲਾ ਵਿੰਗ ਵਾਰਡ ਦੀ ਪ੍ਰਧਾਨ ਬਣਾਏ ਜਾਣ'ਤੇ ਸਨਮਾਨਿਤ ਕੀਤਾ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਨੂੰ ਕੌਮਾਂਤਰੀ ਪੱਧਰ ਦੀਆਂ ਸਹੂਲਤਾਂ ਵਾਲਾ ਸ਼ਹਿਰ ਬਣਾਇਆ ਜਾਵੇਗਾ। ਇਸ ਦੇ ਸਰਬਪੱਖੀ ਵਿਕਾਸ ਅਤੇ ਸੁੰਦਰ ਦਿੱਖ ਪ੍ਰਦਾਨ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਉਣ ਦੀ ਗਲ ਕਹੀ ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਅਮਰੀਕੀ ਕੌਂਸਲ ਖਾਨਾ ਦਫ਼ਤਰ ਖੋਲ੍ਹਣ ਬਾਰੇ ਗਲ ਹੋ ਚੁੱਕੀ ਹੈ। ਅਮਰੀਕੀ ਕੰਪਨੀਆਂ ਨਾਲ ਵਪਾਰਕ ਤਾਲਮੇਲ ਵਧਾਉਂਦਿਆਂ ਅੰਮ੍ਰਿਤਸਰ ਨੂੰ ਉਦਯੋਗਿਕ ਅਤੇ ਵਪਾਰਕ ਕੇਂਦਰ ਵਜੋਂ ਮੁੜ ਸਥਾਪਿਤ ਕੀਤਾ ਜਾਵੇਗਾ। ਚੋਣ ਰੈਲੀ ਉਪਰੰਤ ਸੰਧੂ ਸਮੁੰਦਰੀ ਨੇ ਵਿਜੈਨਗਰ ਮੇਨ ਬਾਜਰ ਵਿਚ ਡੋਰ ਟੂ ਡੋਰ ਜਾ ਕੇ ਲੋਕਾਂ ਤੋਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਸੰਧੂ ਨੂੰ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਨਾਲ ਥਾਂ ਥਾਂ ਲੋਕਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਲੋਕਾਂ ਨੇ ਸੰਧੂ ਨਾਲ ਗਲਵੱਕੜੀਆਂ ਪਾਈਆਂ ਅਤੇ ਸੈਲਫੀਆਂ ਲਈਆਂ। ਲੋਕਾਂ ਦਾ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਦੁਕਾਨਦਾਰਾਂ ਨੇ ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਭਰੋਸਾ ਦਿੱਤਾ। ਚੋਣ ਪ੍ਰਚਾਰ ਵਿੱਚ ਲੋਕਾਂ ਵੱਲੋਂ ਮਿਲ ਰਹੇ ਸਹਿਯੋਗ ਤੋਂ ਬੇਹੱਦ ਖ਼ੁਸ਼ ਨਜ਼ਰ ਆ ਰਹੇ ਤਰਨਜੀਤ ਸਿੰਘ ਸੰਧੂ ਨੇ ਸਭ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ 1 ਜੂਨ ਨੂੰ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਦੀ ਮਦਦ ਨਾਲ ਹਰ ਸਮੱਸਿਆ ਦਾ ਹੱਲ ਕਰਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਆਦਮੀ ਪਾਰਟੀ ਤੋਂ ਉਮੀਦਵਾਰ ਅਸ਼ੋਕ ਪਰਾਸਰ ਪੱਪੀ ਦੇ ਰੋਡ ਸ਼ੋਅ ਨੇ ਵਿਰੋਧੀ ਪਾਰਟੀਆਂ ਦੇ ਸ਼ਾਹ ਸੂਤੇ - ਚਮਕੌਰ ਸਿੰਘ ਕੈਨੇਡਾ/ਪ੍ਰਧਾਨ ਵਾਹਿਗੁਰੂ ਪਾਲ ਸਿੰਘ

# ਭਾਜਪਾ ਨੇ ਪਿਛਲੇ ਕਈ ਸਾਲਾਂ ਤੋਂ ਪੰਜਾਬ ਨਾਲ ਕੀਤਾ ਮਤਰੇਈ ਮਾਂ ਵਾਲਾ ਸਲੂਕ : ਅਸ਼ੋਕ ਪਰਾਸਰ ਪੱਪੀ







ਆਵਾਜ਼ਿ ਕੌਮ AWAZE QAUM International Newspaper & WEB TV

ਜਗਰਾਉਂ -( ਵਰਿਆਮ ਹਠੂਰ) ਲੁਧਿਆਣਾ ਤੋਂ ਆਮ ਆਦਮੀ ਪਾਰਟੀ ਵੱਲੋਂ ਟਿਕਟ ਮਿਲਣ ਤੋਂ ਬਾਅਦ ਪਹਿਲੀ ਵਾਰ ਜਗਰਾਉਂ ਆਪਣੇ ਚੋਣ ਪ੍ਰਚਾਰ ਲਈ ਪੁੱਜੇ ਅਸ਼ੋਕ ਪਰਾਸਰ ਪੱਪੀ ਨੇ ਆਪਣੇ ਚੋਣ ਪ੍ਰਚਾਰ ਦਾ ਅਗਾਜ਼ ਕੀਤਾ, ਆਗੂਆਂ ਅਤੇ ਵੰਲਟੀਅਰਾਂ ਨੇ ਰੋਡ ਤੋਂ ਸ਼੍ਰੀ ਅਸ਼ੋਕ ਪਰਾਸਰ ਪੱਪੀ ਨੂੰ ਮੋਟਰਸਾਈਕਲਾਂ ਅਤੇ ਹੋਰ ਵਾਹਨਾਂ ਦੇ ਕਾਫ਼ਲੇ ਨਾਲ ਰੋਡ ਸ਼ੋਅ ਕਰਦਿਆਂ ਵੱਖ ਵੱਖ ਧਾਰਮਿਕ ਸਥਾਨਾਂ ਤੇ ਵੀ ਨਤਮਸਤਕ ਹੋਏ, ਜਿਸ ਤਰ੍ਹਾਂ ਜਗਰਾਉਂ ਸਵਾਮੀ ਰੂਪ ਚੰਦ ਜੈਨ ਦੇ ਸਮਾਧੀ ਸਥਲ ਤੇ, ਪ੍ਰਸਿੱਧ ਧਾਰਮਿਕ ਸਥਾਨ ਨਾਨਕਸਰ ਕਲੇਰਾਂ ਵਿਖੇ ਵੀ ਨਤਮਸਤਕ ਹੋਏ ਤੇ ਬਾਅਦ ਵਿੱਚ ਵਿਸ਼ਵ ਪ੍ਰਸਿੱਧ ਇਤਿਹਾਸਕ ਗੁਰਦੁਆਰਾ ਮੈਹਦੇਆਣਾ ਸਾਹਿਬ ਵਿਖੇ ਨਤਮਸਤਕ ਹੋਏ ਜਿੱਥੇ ਦਰਸ਼ਨ ਦੀਦਾਰੇ ਤੋਂ ਬਾਅਦ ਉਨ੍ਹਾਂ ਨੂੰ ਪ੍ਰਬੰਧਕਾਂ ਵੱਲੋਂ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਹੋਰ ਵੀ ਵੱਖ ਵੱਖ ਥਾਵਾਂ ਤੇ ਅਸ਼ੋਕ ਪਰਾਸਰ ਪੱਪੀ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸ਼੍ਰੀ ਅਸ਼ੋਕ ਪਰਾਸਰ ਪੱਪੀ ਨੇ ਕਿਹਾ ਕਿ ਬੀ ਜੇ ਪੀ ਸਰਕਾਰ ਨੇ ਪੰਜਾਬ ਨਾਲ ਪਿਛਲੇ ਕਈ ਸਾਲਾਂ ਤੋਂ ਮਤਰੇਈ ਮਾਂ ਵਾਲਾ ਹੀ ਸਲੂਕ ਕੀਤਾ ਹੈ। ਤੇ ਸ਼ੰਭੂ ਬਾਰਡਰ ਤੇ ਹੱਕ ਮੰਗਦੇ ਕਿਸਾਨਾਂ ਤੇ ਤਸ਼ੱਦਦ ਕੀਤਾ ਹੈ। ਜੋ ਨਾਂ ਭੁੱਲਣ ਯੋਗ ਹੈ। ਇਸ ਲਈ ਭਾਜਪਾ ਨੂੰ ਮੂੰਹ ਲਾਉਣ ਲਈ ਸੂਝਵਾਨ ਲੋਕ ਬਿਲਕੁਲ ਵੀ ਤਿਆਰ ਨਹੀਂ, ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਬੀ ਜੇ ਪੀ ਵਿੱਚ ਜਾਣ ਵਾਲੇ ਰਵਨੀਤ ਸਿੰਘ ਬਿੱਟੂ ਨੇ ਪਿਛਲੀ ਵਾਰ ਚੋਣਾਂ ਜਿੱਤਣ ਤੋਂ ਬਾਅਦ ਜਗਰਾਉਂ ਹਲਕੇ ਦੇ ਲੋਕਾਂ ਨੂੰ ਅਣਦੇਖਿਆਂ ਹੀ ਕੀਤਾ ਹੈ। ਜਿਸ ਕਰਕੇ ਜਗਰਾਉਂ ਹਲਕੇ ਦੇ ਲੋਕ ਰਵਨੀਤ ਸਿੰਘ ਬਿੱਟੂ ਦਾ ਸੂਝਵਾਨ ਵੋਟਰ ਵਿਰੋਧ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੂੰ ਜਗਰਾਉਂ ਹਲਕੇ ਵਿੱਚ ਵੀ ਪਹਿਲੀ ਵਾਰ ਆਉਣ ਤੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਗੱਲਬਾਤ ਕਰਦਿਆਂ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਸੂਝਵਾਨ ਵੋਟਰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨਗੇ ਤੇ ਸ਼੍ਰੀ ਅਸ਼ੋਕ ਪਰਾਸਰ ਪੱਪੀ ਜੀ ਨੂੰ ਵੱਡੀ ਲੀਡ ਨਾਲ ਜਿਤਾ ਕੇ ਭੇਜਣਗੇ, ਕਿਉਂਕਿ ਸੂਝਵਾਨ ਵੋਟਰ ਅਸ਼ੋਕ ਪਰਾਸਰ ਪੱਪੀ ਜੀ ਨੂੰ ਜਿਤਾਉਣ ਲਈ ਪੱਬਾਂ ਭਾਰ ਹਨ। ਤੇ ਹਲਕੇ ਅੰਦਰ ਉਨ੍ਹਾਂ ਦੀ ਫੇਰੀ ਨਾਲ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਗੱਲਬਾਤ ਕਰਦਿਆਂ ਸਮਾਜ ਸੇਵੀ ਚਮਕੌਰ ਸਿੰਘ ਕੈਨੇਡਾ ਅਤੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਕਿਹਾ ਕਿ ਜਗਰਾਉਂ ਵਿੱਚ ਸ਼੍ਰੀ ਅਸ਼ੋਕ ਪਰਾਸਰ ਪੱਪੀ ਦੇ ਨਾਲ ਵੰਲਟੀਅਰਾਂ ਵੱਲੋਂ ਕੱਢੀ ਪਹਿਲੀ ਮੋਟਰਸਾਈਕਲ ਰੈਲੀ, ਰੋਡ ਸ਼ੋਅ ਨੇ ਵਿਰੋਧੀ ਪਾਰਟੀਆਂ ਦੇ ਸ਼ਾਹ ਸੂਤ ਦਿੱਤੇ ਹਨ। ਤੇ ਸੂਝਵਾਨ ਲੋਕ ਇਸ ਵਾਰ ਉਮੀਦਵਾਰ ਅਸ਼ੋਕ ਪਰਾਸਰ ਪੱਪੀ ਨੂੰ ਜਿਤਾਉਣ ਲਈ ਕਾਹਲੇ ਹੋਏ ਪਏ ਹਨ। ਤੇ ਅਸ਼ੋਕ ਪਰਾਸਰ ਪੱਪੀ ਦੇ ਜਗਰਾਉਂ ਹਲਕੇ ਵਿੱਚ ਪਹਿਲੀ ਵਾਰ ਆਉਣ ਨਾਲ ਵਲੰਟੀਅਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਉਮੀਦਵਾਰ ਅਸ਼ੋਕ ਪਰਾਸਰ ਪੱਪੀ ਦਾ ਵਿਸ਼ੇਸ਼ ਤੌਰ ਤੇ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸਮਾਜ ਸੇਵੀ ਚਮਕੌਰ ਸਿੰਘ ਕੈਨੇਡਾ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਡਾ ਮਨਦੀਪ ਸਿੰਘ ਸਰਾਂ, ਮੁਨੀਸ਼ ਕੁਮਾਰ ਜੋਸ਼ੀ ਉਰਫ ਬੰਟੀ ਹਠੂਰ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।



### ਪਿੰਡ ਉਸਮਾਂ ਤੋਂ ਕਾਂਗਰਸ ਛੱਡ ਕੇ

# 20 ਤੋਂ ਜਿਆਦਾ ਪਰਿਵਾਰ 'ਆਪ' 'ਚ ਹੋਏ ਸ਼ਾਮਿਲ



ਚੌਂਕ ਮਹਿਤਾ, 21 ਅਪ੍ਰੈਲ(ਬਾਬਾ ਸੁਖਵੰਤ ਸਿੰਘ ਚੰਨਣਕੇ)-ਆਮ ਆਦਮੀ ਪਾਰਟੀ ਦੇ ਕਾਫਲੇ ਨੂੰ ਹੋਰ ਵੱਡਾ ਕਰਦੇ ਹੋਏ ਅੱਜ ਇੱਥੇ ਪਿੰਡ ਉਸਮਾਂ ਦੇ ਯੂਥ ਆਗੂ ਗੁਰਜੰਟ ਸਿੰਘ ਦੇ ਗ੍ਰਹਿ ਵਿਖੇ ਹੋਏ ਇਕ ਸਮਾਗਮ ਦੌਰਾਨ ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਹਰਭਜਨ ਸਿੰਘ ਈ.ਟੀ.ਓ. ਨੇ ਪਿੰਡ ਦੇ 20 ਤੋਂ ਜਿਆਦਾ ਪਰਿਵਾਰਾਂ ਨੂੰ ਪਾਰਟੀ 'ਚ ਸ਼ਾਮਿਲ ਕੀਤਾ ।ਬਲਾਕ ਪ੍ਰਧਾਨ ਗੁਰਜ਼ਿੰਦਰ ਸਿੰਘ ਕੋਹਾਟਵਿੰਡ ਦੇ ਯਤਨਾਂ ਸਦਕਾ ਕਾਂਗਰਸ ਪਾਰਟੀ ਛੱਡ ਕੇ ਪਾਰਟੀ 'ਚ ਆਏ ਇੰਨ੍ਹਾਂ ਪਰਿਵਾਰਾਂ ਦਾ ਪਾਰਟੀ 'ਚ ਸਵਾਗਤ ਕਰਦੇ ਹੋਏ ਕੈਬਨਿਟ ਮੰਤਰੀ ਈ.ਟੀ.ਓ.ਨੇ ਕਿਹਾ ਕਿ ਜਿਵੇਂ ਜਿਵੇਂ ਲੋਕ ਸਭਾ ਦੀਆਂ ਚੋਣਾਂ ਨੇੜੇ ਆ ਰਹੀਆਂ ਨੇ ਤਿਵੇਂ ਤਿਵੇਂ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਲਈ ਪਿਛਲੇ ਦੋ ਸਾਲਾਂ ਦੇ ਕੀਤੇ ਹੋਏ ਕੰਮਾਂ 'ਤੇ ਮੋਹਰ ਲਾ ਰਹੇ ਹਨ ਤੇ ਪੂਰੀ ਸ਼ਿੱਦਤ ਨਾਲ ਆਮ ਆਦਮੀ ਪਾਰਟੀ ਦੇ ਨਾਲ ਜੁੜ ਰਹੇ ਹਨ ।'ਆਪ' ਸਰਕਾਰ ਵੱਲੋਂ ਮਹਿਜ਼ ਦੋ ਸਾਲਾਂ ਅੰਦਰ ਮਿਸਾਲੀ ਕੰਮ ਕਰਕੇ ਦਿਖਾਏ ਗਏ ਹਨ ,ਜਿਸ ਤੋਂ ਸੂਬੇ ਦੇ ਲੋਕ ਪੂਰੀ ਤਰ੍ਹਾਂ ਨਾਲ ਖੁਸ਼ ਹਨ ਤੇ ਆਪਣੇ ਚਹੇਤੇ ਸੇਵੇਦਾਰ ਭਗਵੰਤ ਮਾਨ ਦੇ ਨਾਲ ਖੜ੍ਹੇ ਹਨ ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਤੋਂ ਮਿਲ ਰਹੇ ਪਿਆਰ ਸਦਕਾ ਉਹ ਮੈਂਬਰ ਪਾਰਲੀਮੈਂਟ ਚੋਣਾਂ ਦੌਰਾਨ ਹਲਕਾ ਖਡੂਰ ਸਾਹਿਬ ਦੀ ਸੀਟ ਵੱਡੀ ਲੀਡ ਨਾਲ ਜਿੱਤ ਕੇ ਪਾਰਟੀ ਦੀ ਝੋਲੀ ਪਾਉਣਗੇ ।ਪਾਰਟੀ 'ਚ ਆਏ ਪਰਿਵਾਰਾਂ ਦਾ ਸਨਮਾਨ ਕਰਦੇ ਹੋਏ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਤੇ ਬਲਾਕ ਪ੍ਰਧਾਨ ਗੁਰਜ਼ਿੰਦਰ ਸਿੰਘ ਨੇ ਕਿਹਾ ਕਿ ਲੋਕ ਦਿਲੋਂ 'ਆਪ' ਪਾਰਟੀ ਨਾਲ ਜੁੜੇ ਹੋਏ ਹਨ ,ਜਿਸਦੇ ਚੱਲਦਿਆਂ ਇਸ ਵਾਰ ਦੀਆਂ ਲੋਕ ਸਭਾ ਚੋਣਾਂ ਅੰਦਰ ਆਮ ਆਦਮੀ ਪਾਰਟੀ ਰਿਕਾਰਡਤੋੜ ਜਿੱਤ ਦਰਜ ਕਰੇਗੀ ।ਉਨ੍ਹਾਂ ਕਿਹਾ ਕਿ ਸ਼ਾਮਿਲ ਹੋਏ ਸਮੂਹ ਪਰਿਵਾਰਾਂ ਨੂੰ ਪਾਰਟੀ 'ਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਟ੍ਰੇਡ ਵਿੰਗ ਦੇ ਪ੍ਰਧਾਨ ਗੁਰਿੰਦਰ ਸਿੰਘ ਬੱਲ ਯੂ.ਕੇ.,ਬਲਾਕ ਪ੍ਰਧਾਨ ਅਜੈ ਗਾਂਧੀ,ਬਲਾਕ ਪ੍ਰਧਾਨ ਜਰਮਨ ਸਿੰਘ ਉਦੋਨੰਗਲ,ਆੜ੍ਹਤੀ ਐਸ਼ੋਸੀਏਸ਼ਨ ਮਹਿਤਾ ਦੇ ਪ੍ਰਧਾਨ ਸੁਖਦੇਵ ਸਿੰਘ ਬੁੱਟਰ,ਬਲਜੀਤ ਸਿੰਘ ਚਾਹਲ,ਪ੍ਰਧਾਨ ਗੁਰਸਾਹਿਲ ਸਿੰਘ ਰੰਧਾਵਾ,ਗੁਰਵੇਲ ਸਿੰਘ ਲਾਲੀ,ਦਯਾ ਸਿੰਘ ਮਹਿਤਾ,ਅਜੀਤ ਸਿੰਘ ਬੱਬੀ,ਮਾਸਟਰ ਦਿਲਬਾਗ ਸਿੰਘ ਤੇ ਦਵਿੰਦਰ ਸਿੰਘ ਨੰਗਲੀ ਆਦਿ ਵੀ ਮੌਜੂਦ ਸਨ।

**ਹਲਕਾ ਖਡੂਰ ਸਾਹਿਬ ਦੀ ਸੀਟ ਵੱਡੀ ਲੀਡ ਨਾਲ ਜਿੱਤ ਕੇ ਪਾਰਟੀ ਦੀ ਝੋਲੀ ਪਾਵਾਂਗੇ-ਕੈਬਨਿਟ ਮੰਤਰੀ ਈ.ਟੀ.ਓ.**

### ਲੋਕ ਚੋਣਾਂ ਦੇ ਚਲਦਿਆਂ ਫੌਜੀ ਅੰਗਰੇਜ਼ ਸਿੰਘ ਨੇ ਆਜ਼ਾਦ ਚੋਣ ਲੜਣ ਦਾ ਕੀਤਾ ਐਲਾਨ

# ਰਾਏ ਸਿੱਖ ਬਰਾਦਰੀ ਸਮੇਤ ਕ੍ਰਿਸ਼ਚਨ ਭਾਈਚਾਰੇ ਤੇ ਸਾਬਕਾ ਸੈਨਿਕਾਂ ਨੇ ਕੀਤੀ ਹਮਾਇਤ





ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਆਮ ਆਦਮੀ ਪਾਰਟੀ ਨਾਲ 2014 ਤੋਂ ਜੁੜੇ ਆ ਰਹੇ ਕਸਬਾ ਮਮਦੋਟ ਦੇ ਫੌਜੀ ਅੰਗਰੇਜ ਸਿੰਘ ਵੜਵਾਲ ਨੂੰ ਟਿਕਟ ਨਾ ਮਿਲਣ ਤੇ ਅੱਜ ਇਥੇ ਇੱਕ ਮੀਟਿੰਗ ਕੀਤੀ ਗਈ, ਜੋ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਮੌਕੇ ਲੋਕਾਂ ਦੇ ਪਿਆਰ ਅੱਗੇ ਝੁਕਦਿਆਂ ਫੌਜੀ ਅੰਗਰੇਜ਼ ਸਿੰਘ ਨੇ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਆਜ਼ਾਦ ਚੋਣ ਲੜਨ ਦਾ ਐਲਾਨ ਕੀਤਾ, ਜਿਸ ਤੇ ਸਾਬਕਾ ਫੌਜੀਆਂ ਸਮੇਤ ਰਾਏ ਸਿੱਖ ਬਰਾਦਰੀ ਅਤੇ ਕ੍ਰਿਸ਼ਚਨ ਭਾਈਚਾਰੇ ਨੇ ਵੱਧ—ਚੜ੍ਹ ਕੇ ਸਮਰਥਨ ਦੇਣ ਦਾ ਵਿਸਵਾਸ਼ ਦਿਵਾਇਆ ।ਫੌਜੀ ਅੰਗਰੇਜ ਸਿੰਘ ਵੜਵਾਲ ਵੱਲੋਂ ਆਪਣੇ ਸਮਰਥਕਾਂ ਦੀ ਰਾਇ ਲੈਣ ਲਈ ਅੱਜ ਕਸਬਾ ਮਮਦੋਟ ਦੇ ਢਿੱਲੋਂ ਪੈਲੇਸ ਵਿੱਚ ਰਾਇ ਸਿੱਖ ਬਰਾਦਰੀ ਦੇ ਨਾਲ—ਨਾਲ ਹੋਰਨਾਂ ਕੌਮਾਂ ਦੇ ਲੋਕਾਂ ਦੀ ਸਾਂਝੀ ਮੀਟਿੰਗ ਰੱਖੀ ਗਈ ਸੀ। ਇਸ ਮੀਟਿੰਗ ਵਿਚ ਸਾਰੇ ਹਲਕਿਆਂ ਜਿੰਨ੍ਹਾ ਵਿਚ ਮਲੋਟ, ਮੁਕਤਸਰ, ਅਬੋਹਰ, ਫਾਜ਼ਿਲਕਾ, ਜਲਾਲਾਬਾਦ, ਬੱਲੂਆਣਾ, ਗੁਰੂਹਰਸਹਾਏ, ਫ਼ਿਰੋਜ਼ਪੁਰ ਸ਼ਹਿਰੀ ਅਤੇ ਦਿਹਾਤੀ ਤੋਂ ਵੱਡੀ ਗਿਣਤੀ ਵਿਚ ਨੌਜਵਾਨ, ਬਜ਼ੁਰਗ ਅਤੇ ਔਰਤਾਂ ਪੁੱਜੀਆਂ ਹੋਈਆਂ ਸਨ।

ਇਸ ਮੌਕੇ ਵੱਡੀ ਗੱਲ ਇਹ ਹੋਈ ਕਿ ਅਕਾਲੀ ਦਲ ਬਾਦਲ ਦੀ ਮੀਤ ਪ੍ਰਧਾਨ ਪੰਜਾਬ ਕਸ਼ਮੀਰ ਕੌਰ ਨੇ ਵੀ ਫੌਜੀ ਅੰਗਰੇਜ ਸਿੰਘ ਨਾਲ ਚੱਲਣ ਦਾ ਐਲਾਨ ਕਰਦਿਆਂ ਆਪਣੇ ਸੰਬੋਧਨ ਵਿਚ ਕਿਹਾ ਕਿ ਪਾਰਟੀ ਬਾਅਦ ਵਿਚ ਪਹਿਲਾਂ ਉਸ ਦੀ ਆਪਣੀ ਬਰਾਦਰੀ ਹੈ। ਇਸ ਤੋਂ ਪਹਿਲਾਂ ਅੰਗਰੇਜ ਸਿੰਘ ਇੱਕ ਕਾਫਲੇ ਦੇ ਰੂਪ ਵਿੱਚ ਇਸ ਮੀਟਿੰਗ ਵਿੱਚ ਪੁੱਜੇ ਅਤੇ ਹਾਜ਼ਰ ਸਮਰਥਕਾਂ ਵੱਲੋਂ ਉਨ੍ਹਾਂ ਦਾ ਫੁੱਲਾਂ ਅਤੇ ਢੋਲ ਵਜਾ ਕੇ ਸੁਆਗਤ ਕੀਤਾ ਗਿਆ। ਗੱਲਬਾਤ ਕਰਦਿਆਂ ਫੌਜੀ ਅੰਗਰੇਜ਼ ਸਿੰਘ ਨੇ ਦੱਸਿਆ ਕਿ ਉਹ ਡੇਢ ਸਾਲ ਤੋਂ ਹਲਕੇ ਵਿਚ ਚੋਣਾਂ ਲੜਨ ਲਈ ਵਿਚਰ ਰਹੇ ਸਨ ਪਰ ਪਾਰਟੀ ਨੇ ਸ਼੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਕਾਕਾ ਬਰਾੜ ਨੂੰ ਟਿਕਟ ਦੇ ਕੇ ਜਿਥੇ ਉਨ੍ਹਾਂ ਦੀ ਮਿਹਨਤ ਨੂੰ ਅਣਗੌਲਿਆ ਕੀਤਾ, ਉਥੇ ਇਲਾਕਾ ਨਿਵਾਸੀਆਂ ਨੂੰ ਵੀ ਨਿਰਾਸ਼ ਕੀਤਾ ਹੈ।

ਬੁਲਾਰਿਆਂ ਵੱਲੋਂ ਅੰਗਰੇਜ ਸਿੰਘ ਵੜਵਾਲ ਨੂੰ ਅਜ਼ਾਦ ਚੋਣਾਂ ਲੜਨ ਲਈ ਜ਼ੋਰ ਪਾਇਆ ਗਿਆ। ਕ੍ਰਿਸ਼ਚਨ ਭਾਈਚਾਰੇ ਦੇ ਪੁੱਜੇ ਪਾਦਰੀਆਂ ਵੱਲੋਂ ਪੂਰਨ ਹਮਾਇਤ ਦਾ ਐਲਾਨ ਕਰ ਦਿੱਤਾ ਗਿਆ। ਸਾਬਕਾ ਸੈਨਿਕ ਯੂਨੀਅਨ ਵੱਲੋਂ ਵੀ ਸਟੇਜ ਤੋਂ ਅੰਗਰੇਜ ਸਿੰਘ ਨਾਲ ਦਿਲੋਂ ਚੱਲਣ ਦੀ ਹਾਮੀ ਭਰੀ ਗਈ। ਕਈ ਲੋਕਾਂ ਵੱਲੋਂ ਤਾਂ ਇਹ ਵੀ ਕਹਿ ਦਿੱਤਾ ਗਿਆ ਕਿ ਅਸੀਂ ਆਪਣੇ ਪਿੰਡਾਂ ਵਿਚ ਆਮ ਆਦਮੀ ਪਾਰਟੀ ਦਾ ਬੂਥ ਵੀ ਨਹੀਂ ਲੱਗਣ ਦੇਵਾਂਗੇ। ਫੈਸਲਾ ਇਹ ਵੀ ਕੀਤਾ ਗਿਆ ਕਿ ਰਾਇ ਸਿੱਖ ਬਰਾਦਰੀ ਜਲੰਧਰ, ਸ੍ਰੀ ਖਡੂਰ ਸਾਹਿਬ, ਫਰੀਦਕੋਟ ਵਿੱਚ ਵੀ ਆਪਣੇ ਉਮੀਦਵਾਰ ਖੜ੍ਹੇ ਕਰੇਗੀ। ਦੱਸਣਾ ਬਣਦਾ ਹੈ ਕਈ ਜ਼ਿਲ੍ਹਿਆਂ ਵਿੱਚ ਰਾਇ ਸਿੱਖ ਬਰਾਦਰੀ ਦੀ ਵੋਟ ਵੱਡੀ ਗਿਣਤੀ ਵਿਚ ਹੈ। ਬੁਲਾਰਿਆਂ ਤੋਂ ਬਾਅਦ ਅੰਗਰੇਜ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪਿਛਲੇ 10 ਸਾਲਾਂ ਵਿਚ ਜਿਥੇ ਵੀ ਡਿਊਟੀ ਲਗਾਈ ਉਸ ਨੇ ਪੂਰੀ ਤਨਦੇਹੀ ਨਾਲ ਨਿਭਾਈ। ਪਾਰਟੀ ਦੇ ਕਹਿਣ ਤੇ ਉਹ ਹਰ ਸਟੇਟ ਵਿਚ ਆਪਣੇ ਪੱਲਿਓ ਖਰਚ ਕਰਕੇ ਸੇਵਾ ਕਰਨ ਜਾਂਦਾ ਰਿਹਾ, ਪਰ ਉਸ ਨੂੰ ਲਾਰਾ ਲਗਾ ਕੇ ਟਿਕਟ ਫਿਰ ਆਮ ਤੋਂ ਖਾਸ ਆਦਮੀ ਨੂੰ ਦੇ ਦਿੱਤੀ ਗਈ। ਉਸ ਨੇ ਨਾਅਰਾ ਲਗਾਇਆ ਕਿ ਟਾਈਗਰ ਅਭੀ ਜ਼ਿੰਦਾ ਹੈ, ਸਮਰਥਕਾਂ ਦੇ ਹੁੰਗਾਰੇ ਤੋਂ ਬਾਅਦ ਫੌਜੀ ਅੰਗਰੇਜ ਸਿੰਘ ਨੇ ਸਟੇਜ ਤੋਂ ਅਜ਼ਾਦ ਚੋਣਾਂ ਲੜਨ ਦਾ ਐਲਾਨ ਕਰ ਦਿੱਤਾ। ਉਸ ਨੇ ਕਿਹਾ ਕਿ ਬਾਰਡਰ ਏਰੀਏ ਦੇ ਲੋਕਾਂ ਲਈ ਉਹ ਦਿਨ—ਰਾਤ ਇੱਕ ਕਰੇਗਾ। ਫੌਜੀ ਅੰਗਰੇਜ ਸਿੰਘ ਨੇ ਕਿਹਾ ਉਹ ਆਮ ਆਦਮੀ ਪਾਰਟੀ ਦਾ ਵਫਾਦਾਰ ਸਿਪਾਹੀ ਸੀ ਪਰ ਪਾਰਟੀ ਨੇ ਉਸ ਨਾਲ ਗ਼ਦਾਰੀ ਕੀਤੀ। ਅੰਤ ਵਿਚ ਹਾਜ਼ਰ ਸਮਰਥਕਾਂ ਅਤੇ ਰਾਇ ਸਿੱਖ ਕੌਮ ਦੇ ਆਗੂਆਂ ਵੱਲੋਂ ਬਾਹਾਂ ਖੜ੍ਹੀਆਂ ਕਰਕੇ ਅੰਗਰੇਜ ਸਿੰਘ ਫੌਜੀ ਨਾਲ ਚੱਲਣ ਦਾ ਪ੍ਰਣ ਕੀਤਾ ਗਿਆ। ਇਸ ਦੌਰਾਨ ਕੁਝ ਨੌਜਵਾਨਾਂ ਵੱਲੋਂ ਫੌਜੀ ਅੰਗਰੇਜ ਸਿੰਘ ਨੂੰ ਫੰਡ ਦੇਣ ਦਾ ਵੀ ਐਲਾਨ ਕੀਤਾ। ਫੌਜੀ ਅੰਗਰੇਜ ਸਿੰਘ ਦੇ ਅਜ਼ਾਦ ਖੜ੍ਹਨ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਾਕਾ ਬਰਾੜ ਲਈ ਰਾਹ ਕਾਫ਼ੀ ਔਖਾ ਹੋ ਗਿਆ ਜਾਪ ਰਿਹਾ ਹੈ, ਕਿਉਂਕਿ ਹਲਕਾ ਫ਼ਿਰੋਜ਼ਪੁਰ ਵਿੱਚ ਪੰਜ ਲੱਖ ਦੇ ਕਰੀਬ ਰਾਇ ਸਿੱਖ ਬਰਾਦਰੀ ਦੀ ਵੋਟ ਹੈ ਜੋ ਫੌਜੀ ਅੰਗਰੇਜ ਸਿੰਘ ਨਾਲ ਸਿੱਧੇ ਰੂਪ ਵਿਚ ਜੁੜੀ ਹੋਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਯਾਤਰੀ ਗੁਰਧਾਮਾਂ ਦੇ ਦਰਸ਼ਨ ਕਰਕੇ ਲਾਹੌਰ ਪੁੱਜੇ—ਭੁੱਲਰ



ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਸਿੱਖ ਯਾਤਰੀ ਕਰਤਾਰਪੁਰ ਸਾਹਿਬ ਤੋਂ ਏਮਨਾਬਾਦ ਵਿਖੇ ਗੁਰਦੁਆਰਾ ਰੋੜੀ ਸਾਹਿਬ ਜਿਥੇ ਗੁਰਦੁਆਰਾ ਸਾਹਿਬ ਦੇ ਅੰਦਰ ਆਰ ਦੇ ਬੂਟੇ ਮਿੱਠੇ ਹਨ ਅਤੇ ਬਾਹਰ ਇਹ ਕੋੜੇ ਜ਼ਿਹਰ ਵਰਗੇ, ਇਥੇ ਗੁਰੂ ਨਾਨਕ ਸਾਹਿਬ ਭਾਈ ਲਾਲੋ ਦੇ ਘਰੋਂ ਉਠ ਕੇ ਇਥੇ ਆ ਜਾਂਦੇ ਸਨ ਅਤੇ ਰੋੜੇ ਇਕੱਠੇ ਕਰਕੇ ਬੰਦਗੀ ਵਿਚ ਜੁੜ ਜਾਂਦੇ ਸਨ ਅਤੇ ਗੁਰਬਾਣੀ ਵਿਚ ਵੀ ਆਉਂਦਾ ਹੈ ਕੋੜਾ ਕੀ ਗੁਰੂ ਦਰੀ ਵਸਾਈ। ਭਾਈ ਮਰਦਾਨਾ ਸੁਸਾਇਟੀ ਦੇ ਜਗਜੀਤ ਸਿੰਘ ਭੁੱਲਰ ਇਥੇ ਆਏ ਅਤੇ ਇਥੇ ਗੁਰਦੁਆਰਾ ਰੋੜੀ ਸਾਹਿਬ ਅਤੇ ਗੁਰਦੁਆਰਾ ਚਨੀ ਸਾਹਿਬ ਜਿਥੇ ਬਾਬਰ ਨੇ ਗੁਰੂ ਨਾਨਕ ਸਾਹਿਬ ਜੀ ਨੂੰ ਗਰਿ ਫਤਾਰ ਕੀਤਾ ਸੀ ਅਤੇ ਇਥੇ ਗੁਰੂ ਸਾਹਿਬ ਜੀ ਨੇ ਬਾਬਰ ਨੂੰ ਜਾਬਰ ਆਖਿਆ ਸੀ, ਇਥੇ ਹੀ ਭਾਈ ਲਾਲੋ ਦਾ ਘਰ ਹੈ, ਜਿਥੇ ਮੁਸਲਮਾਨ ਲਾਹੌਰ ਦਾ ਨਬਜਾ ਸੀ, ਇੰਗਲੈਂਡ ਤੋਂ ਆਏ ਸਗੁ ਅਤੇ ਪਨੇਸਰ ਨੇ ਲਾਹੌਰ ਨੂੰ 2 ਮਰਲਿਆਂ ਦਾ 6 ਲੱਖ ਰੁਪਏ ਦੇ ਕੇ ਜਗ੍ਹਾ ਖਾਲੀ ਕਰਵਾਈ ਅਤੇ ਖੂਹੀ ਬਣਵਾ ਕੇ ਯਾਦਗਾਰ ਕਾਇਮ ਕੀਤੀ, ਹੁਣ ਜਥਾ ਇਥੋਂ ਆ ਕੇ ਅੱਜ ਲਾਹੌਰ ਗੁਰਦੁਆਰਾ ਡੇਹਰਾ ਸਾਹਿਬ ਪੁੱਜ ਗਿਆ ਹਨ, ਜਥਾ 3 ਦਿਨ ਲਾਹੌਰ ਵਿਖੇ ਰਹੇਗਾ ਅਤੇ ਇਥੇ ਜਨਮ ਅਸਥਾਨ ਚੂਨਾ ਮੰਡੀ, ਗੁਰੂ ਰਾਮ ਦਾਸ ਜੀ ਦਾ ਜਨਮ ਅਸਥਾਨ, ਸਿੰਘ ਸਿੰਘਣੀਆਂ, ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਅਸਥਾਨ, ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਅਸਥਾਨ, ਸ੍ਰੀ ਗੁਰੂ ਅਰਜਨ ਸਾਹਿਬ ਜੀ ਦਾ ਸ਼ਹੀਦੀ ਅਸਥਾਨ, ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਸਮਾਧ, ਸ਼ਾਹੀ ਕਿਲਾ ਮੌਜੂਦ ਹੈ।

# ਹੈਰੋਇਨ, ਕੰਪਿਊਟਰ ਕੰਡੇ ਸਮੇਤ ਇਕ ਮੁਲਜ਼ਮ ਕਾਬੂ

ਫ਼ਿਰੋਜ਼ਪੁਰ, 21 ਅਪ੍ਰੈਲ (ਪੱਤਰ ਪ੍ਰੇਰਕ) :— ਨਸ਼ਾ ਵਿਰੋਧੀ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਫ਼ਿਰੋਜ਼ਪੁਰ ਪੁਲਿਸ ਨੇ ਇਕ ਮੁਲਜ਼ਮ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿਚੋਂ ਇਕ ਕੰਪਿਊਟਰ ਕੰਡਾ, 8 ਗ੍ਰਾਮ ਹੈਰੋਇਨ ਅਤੇ ਇਕ ਕਾਰ ਆਈ.20 ਨੰਬਰੀ ਪੀ.ਬੀ.10 ਈ.ਐਲ 3008 ਬਰਾਮਦ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ ਇੰਸਪੈਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਤੇ ਚੱਲ ਅਤੇ ਸ਼ੱਕੀ ਵਾਹਨਾਂ ਤੇ ਪੁਰਸ਼ਾਂ ਦੀ ਚੈਕਿੰਗ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਲਾਈਟਾਂ ਵਾਲਾ ਚੌਂਕ ਪਾਸ ਪੁੱਜੀ ਟੀਮ ਨੇ ਦੇਖਿਆ ਕਿ ਕਾਫੀ ਹਜ਼ੂਮ ਇਕੱਠਾ ਹੋਇਆ ਸੀ ਤਾਂ ਇਕ ਸਰਦਾਰ ਵਿਅਕਤੀ ਜਿਸ ਪਾਸ ਕਾਰ ਆਈ 20 ਨੰਬਰੀ ਪੀ.ਬੀ 0 ਈ.ਐਲ 3008 ਸੀ ਅਤੇ ਇਹ ਵਿਅਕਤੀ ਟਰੈਫਿਕ ਮੁਲਾਜ਼ਮਾਂ ਨਾਲ ਉਲਝਾ ਰਿਹਾ ਸੀ, ਜਿਸ ਨੂੰ ਸ਼ਾਤ ਕਰਕੇ ਜਦੋਂ ਪੂਰੇ ਮਾਮਲੇ ਦੀ ਪਤਾ ਕੀਤਾ ਤਾਂ ਟਰੈਫਿਕ ਮੁਲਾਜ਼ਮਾਂ ਨੇ ਦੱਸਿਆ ਕਿ ਉਕਤ ਕਾਰ ਵਿਚੋਂ ਹੂਟਰ ਬਰਾਮਦ ਹੋਇਆ ਹੈ, ਜਿਸ ਨੂੰ ਲੈ ਕੇ ਉਕਤ ਮੁਲਜ਼ਮ ਪੁਲਿਸ ਮੁਲਾਜ਼ਮਾਂ ਨਾਲ ਉਲਝ ਰਿਹਾ ਸੀ। ਉਨ੍ਹਾਂ ਕਿਹਾ ਕਿ ਸ਼ੱਕ ਪੈਣ ਦੀ ਸੂਰਤ ਤੇ ਜਦੋਂ ਕਾਰ ਦੀ ਤਲਾਸ਼ੀ ਲਈ ਮੌਕੇ ਤੇ ਮੌਜੂਦ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਉਕਤ ਮੁਲਜ਼ਮ ਦਾ ਨਾਮ ਰਿਸ਼ਬਦੀਪ ਸਿੰਘ ਹੈ, ਜਿਸ ਦੀ ਤਲਾਸ਼ੀ ਲੈਣ ਤੇ ਪੁਲਿਸ ਨੂੰ 8 ਗ੍ਰਾਮ ਹੈਰੋਇਨ ਅਤੇ ਇਕ ਕੰਪਿਊਟਰ ਕੰਡਾ ਬਰਾਮਦ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਰਿਸ਼ਬਦੀਪ ਸਿੰਘ ਪੁੱਤਰ ਜ਼ਸਪਾਲ ਸਿੰਘ ਵਾਸੀ ਜਗਰਾਓ ਜ਼ਿਲ੍ਹਾ ਲੁਧਿਆਣਾ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਗਿਆਨੀ ਰਘਬੀਰ ਸਿੰਘ ਨੇ ਇਟਲੀ 'ਚ ਅੰਮ੍ਰਿਤਧਾਰੀ ਸਿੱਖ ਦੇ ਖ਼ਿਲਾਫ਼

# ਸ੍ਰੀ ਸਾਹਿਬ ਪਾਈ ਹੋਣ ਕਾਰਨ ਪੁਲਿਸ ਵਲੋਂ ਮਾਮਲਾ ਦਰਜ ਕਰਨ ਦੀ ਕੀਤੀ ਨਿਖੇਧੀ

### ਇਟਲੀ ਸਰਕਾਰ ਸਿੱਖ ਧਰਮ ਦੀ ਵਿਸ਼ਵ ਪ੍ਰਸੰਗਿਕਤਾ ਨੂੰ ਸਮਝਦਿਆਂ ਸਿੱਖਾਂ ਨੂੰ ਧਾਰਮਿਕ ਆਜ਼ਾਦੀ ਨਾਲ ਰਹਿਣ ਦਾ ਅਧਿਕਾਰ ਦੇਵੇ: ਗਿਆਨੀ ਰਘਬੀਰ ਸਿੰਘ



**ਨਵੀਂ ਦਿੱਲੀ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ):** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਇਟਲੀ ਵਿਚ ਇਕ ਅੰਮ੍ਰਿਤਧਾਰੀ ਸਿੱਖ ਦੇ ਖ਼ਿਲਾਫ਼ ਸ੍ਰੀ ਸਾਹਿਬ ਪਾਈ ਹੋਣ ਕਾਰਨ 'ਤੇਜ਼ਧਾਰ ਹਥਿਆਰ' ਰੱਖਣ ਦਾ ਪੁਲਿਸ ਵਲੋਂ ਮਾਮਲਾ ਦਰਜ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸ੍ਰੀ ਸਾਹਿਬ ਅੰਮ੍ਰਿਤਧਾਰੀ ਸਿੱਖਾਂ ਦੇ ਪੰਜ ਕਕਾਰਾਂ ਵਿਚੋਂ ਇਕ ਹੈ ਅਤੇ ਇਟਲੀ ਵਿਚ ਤਿੰਨ ਮਹੀਨੇ ਪਹਿਲਾਂ ਹੀ ਗਏ ਇਕ ਅੰਮ੍ਰਿਤਧਾਰੀ ਸਿੱਖ ਗੁਰਬਚਨ ਸਿੰਘ ਦੇ ਖ਼ਿਲਾਫ਼ ਸ੍ਰੀ ਸਾਹਿਬ ਪਹਿਨੀ ਹੋਣ ਕਾਰਨ ਪੁਲਿਸ ਮਾਮਲਾ ਦਰਜ ਕਰਨਾ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਆਖਿਆ ਕਿ ਅੱਜ ਸਿੱਖ ਦੁਨੀਆ ਦੇ ਕੋਨੇ-ਕੋਨੇ ਵਿਚ ਵੱਸਦੇ ਹਨ ਅਤੇ ਗੁਰੂ ਸਾਹਿਬ ਦੇ ਦਿੱਤੇ ਸਰਬ-ਸਾਂਝੀਵਾਲਤਾ ਦੇ ਫਲਸਫੇ ਅਨੁਸਾਰ ਆਪਣੀ ਮਿਹਨਤ, ਇਮਾਨਦਾਰੀ ਅਤੇ ਲਿਆਕਤ ਦੇ ਸਦਕਾ ਹਰ ਖੇਤਰ ਵਿਚ ਆਪਣੀ ਪਛਾਣ ਸਥਾਪਿਤ ਕਰ ਚੁੱਕੇ ਹਨ। ਇਟਲੀ ਸਰਕਾਰ ਨੂੰ ਸਿੱਖ ਧਰਮ ਦੀ ਵਿਸ਼ਵ ਪ੍ਰਸੰਗਿਕਤਾ ਨੂੰ ਸਮਝਦਿਆਂ ਸਿੱਖਾਂ ਨੂੰ ਧਾਰਮਿਕ ਆਜ਼ਾਦੀ ਨਾਲ ਰਹਿਣ ਦਾ ਅਧਿਕਾਰ ਦੇਣਾ ਚਾਹੀਦਾ ਹੈ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਆਦੇਸ਼ ਕੀਤਾ ਕਿ ਉਹ ਭਾਰਤ ਸਥਿਤ ਇਟਲੀ ਦੇ ਦੂਤਾਵਾਸ ਨਾਲ ਸੰਪਰਕ ਕਰਕੇ ਅੰਮ੍ਰਿਤਧਾਰੀ ਸਿੱਖਾਂ ਲਈ ਸ੍ਰੀ ਸਾਹਿਬ ਦੀ ਮਹੱਤਤਾ ਤੋਂ ਜਾਣੂ ਕਰਵਾਏ ਤਾਂ ਜੋ ਇਟਲੀ ਸਰਕਾਰ ਵਲੋਂ ਅੰਮ੍ਰਿਤਧਾਰੀ ਸਿੱਖ ਗੁਰਬਚਨ ਸਿੰਘ ਖ਼ਿਲਾਫ਼ ਸ੍ਰੀ ਸਾਹਿਬ ਨੂੰ 'ਤੇਜ਼ਧਾਰ ਹਥਿਆਰ' ਸਮਝ ਕੇ ਦਰਜ ਕੀਤੇ ਮਾਮਲੇ ਨੂੰ ਰੱਦ ਕਰਵਾਇਆ ਜਾ ਸਕੇ।

### ਮਾਮਲਾ ਤਾਰੋ ਪਾਰ ਪੱਕੀ ਫਸਲ ਵੱਢਣ ਤੇ ਲਗਾਈ ਰੋਕ ਦਾ—ਕਿਸਾਨ ਆਗੂਆਂ ਨੇ ਵਿਧਾਇਕ ਤੇ ਲਾਏ ਪੈਸੇ ਲੈਣ ਦੇ ਦੋਸ਼

# ਨਿਆਂ ਨਾ ਮਿਲਣ ਦੀ ਸੂਰਤ ਵਿਚ 26 ਤੋਂ ਸ਼ੁਰੂ ਹੋਣਗੇ ਧਰਨੇ—ਕਿਸਾਨ ਆਗੂ




ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਤਾਰ ਲਾਗੇ ਕਿਸਾਨਾਂ ਵੱਲੋਂ ਆਬਾਦ ਕਰਕੇ ਬੀਜ਼ੀ ਗਈ ਪੱਕੀ ਫ਼ਸਲ ਨੂੰ ਨਾ ਵੱਢਣ ਦੇ ਆਏ ਹੁਕਮਾਂ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਉਹ 24 ਅਪ੍ਰੈਲ ਨੂੰ ਫ਼ਿਰੋਜ਼ਪੁਰ ਵਿਖੇ ਪੱਕਾ ਮੋਰਚਾ ਲਾਉਣਗੇ।




ਅੱਜ ਸਤਲੁਜ ਪ੍ਰੈੱਸ ਕਲੱਬ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫਿਰੋਜ਼ਪੁਰ ਦੇ ਆਗੂਆਂ ਗੁਰਸੇਵਕ ਸਿੰਘ ਧਾਲੀਵਾਲ ਬਲਾਕ ਪ੍ਰਧਾਨ ਮਮਦੋਟ, ਗੁਰਮੀਤ ਸਿੰਘ ਘੋੜੇ ਚੱਕ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਰਣਜੀਤ ਸਿੰਘ ਢਿੱਲੋਂ ਪ੍ਰੈਸ ਸਕੱਤਰ, ਜਗਦੀਸ਼ ਲਾਲ, ਬਲਵਿੰਦਰ ਸਿੰਘ ਆਦਿ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਐਲਾਨ ਕੀਤਾ ਗਿਆ ਕਿ 24 ਅਪ੍ਰੈਲ ਨੂੰ ਫਿਰੋਜ਼ਪੁਰ ਵਿੱਚ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮੋਰਚਾ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਖਾਈ ਮਹਿਲ ਸਿੰਘ ਵਾਲਾ ਰੋਡ, ਵਿਧਾਇਕ ਰਜਨੀਸ਼ ਦਹੀਆ ਦੀ ਰਿਹਾਇਸ਼ ਜਾਂ ਫਿਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਇਨ੍ਹਾਂ ਤਿੰਨਾਂ ਥਾਵਾਂ ਚੋਂ ਕਿਸੇ ਇੱਕ ਜਗ੍ਹਾ ਤੇ ਲਗਭਗ 300 ਟਰੈਕਟਰ ਟਰਾਲੀਆਂ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨਾਂ ਵੱਲੋ ਪੱਕਾ ਮੋਰਚਾ ਲਾਇਆ ਜਾਵੇਗਾ।

ਇਸ ਮੌਕੇ ਬੋਲਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜਿਨ੍ਹੀ ਦੇਰ ਅਬਾਦਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਨਹੀਂ ਲਈਆਂ ਜਾਂਦੀਆਂ ਉਨੀਂ ਦੇਰ ਤੱਕ ਇਹ ਮੋਰਚਾ ਸਮਾਪਤ ਨਹੀਂ ਕੀਤਾ ਜਾਵੇਗਾ, ਕਿਉਂਕਿ ਸਥਾਨਿਕ ਵਿਧਾਇਕ ਰਜਨੀਸ਼ ਦਹੀਆ ਵੱਲੋਂ ਦਬਾਅ ਬਣਾ ਕੇ ਜ਼ਿਲ੍ਹਾ ਫਿਰੋਜ਼ਪੁਰ ਪ੍ਰਸ਼ਾਸਨ ਵੱਲੋਂ ਕੁਝ ਕੁ ਕਿਸਾਨਾਂ ਖਿਲਾਫ ਚਿੱਠੀ ਕਢਵਾ ਕੇ ਕੰਡਿਆਲੀ ਤਾਰ ਤੋਂ ਪਾਰ ਵਾਲੇ ਅਬਾਦਕਾਰ ਕਿਸਾਨਾਂ ਨੂੰ ਪੱਕੀਆਂ ਫਸਲਾਂ ਕਣਕ, ਸਰ੍ਹੋਂ, ਸਬਜ਼ੀ ਆਦਿ ਕੱਟਣ ਤੋਂ ਰੋਕ ਦਿੱਤਾ ਗਿਆ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਫਸਲਾਂ ਪੱਕ ਕੇ ਤਿਆਰ ਹੋ ਚੁੱਕੀਆਂ ਹਨ ਜੋ ਨਾ ਵੱਢਣ ਕਾਰਨ ਖਰਾਬ ਹੋ ਰਹੀਆਂ ਹਨ। ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਕਿਸਾਨਾਂ ਨੂੰ ਉਜਾੜਨ ਲਈ ਰਜਨੀਸ਼ ਦਹੀਆ ਵੱਲੋਂ ਆਪਣੀ ਸਰਕਾਰ ਤੋਂ ਵਾਰ—ਵਾਰ ਜ਼ਮੀਨਾਂ ਠੇਕੇ ਚੁਗੱਤੇ ਤੇ ਦੇਣ ਲਈ ਚਿੱਠੀਆਂ ਕਢਵਾਈਆਂ ਜਾ ਰਹੀਆਂ ਹਨ ਅਤੇ ਵਿਧਾਇਕ ਵੱਲੋਂ ਆਪਣੇ ਚਹੇਤੇ ਬੰਦਿਆਂ ਨੂੰ ਜ਼ਮੀਨਾਂ ਵਿੱਚ ਵਾੜਨ ਦੀਆਂ ਲਿਸਟਾਂ ਪਹਿਲਾਂ ਹੀ ਤਿਆਰ ਕਰ ਲਈਆਂ ਗਈਆਂ ਹਨ ਜੋ ਕਿ ਵੱਖ—ਵੱਖ ਪਿੰਡਾਂ ਦੇ ਵਸਨੀਕ ਹਨਠ ਜਿਨ੍ਹਾਂ ਦਾ ਇਸ ਜ਼ਮੀਨ ਨਾਲ ਕੋਈ ਵਾਹ ਵਾਸਤਾ ਹੀ ਨਹੀਂ ਹੈ।

ਕਿਸਾਨਾਂ ਨੇ ਸ਼ਰੇਆਮ ਦੋਸ਼ ਲਗਾਇਆ ਕਿ ਅਬਾਦਕਾਰ ਕਿਸਾਨਾਂ ਦੀ ਮਜ਼ਬੂਰੀ ਦਾ ਨਜਾਇਜ਼ ਫਾਇਦਾ ਉਠਾ ਕੇ ਐਮ.ਐਲ.ਏ ਰਜਨੀਸ਼ ਦਹੀਆ ਵੱਲੋਂ ਪੈਸੇ ਵੀ ਲਏ ਗਏ ਹਨ ਅਤੇ ਫਿਰ 50 ਕਿੱਲੇ ਜ਼ਮੀਨ ਦੀ ਮੰਗ ਕੀਤੀ ਗਈ, ਕਿਸਾਨਾਂ ਵੱਲੋਂ ਜ਼ਮੀਨ ਦੇਣ ਤੋਂ ਮਨ੍ਹਾ ਕੀਤਾ ਗਿਆ ਇਸ ਦੇ ਪੁਖਤਾ ਸਬੂਤ ਜਲਦ ਪ੍ਰੈਸ ਰਾਹੀਂ ਜਨਤਕ ਕੀਤੇ ਜਾਣਗੇ। ਕਿਸਾਨਾਂ ਨੇ ਆਖਿਆ ਕਿ ਫਿਰੋਜ਼ਪੁਰ ਜ਼ਿਲ੍ਹੇ ਦੇ ਕਈ ਹੋਰ ਵਿਅਕਤੀਆਂ ਵੱਲੋਂ ਵੀ ਉਕਤ ਵਿਧਾਇਕ ਖਿਲਾਫ ਰਿਸ਼ਵਤ ਦੇ ਐਫੀਡੇਵਿਟ ਸਾਡੀ ਯੂਨੀਅਨ ਨੂੰ ਦਿੱਤੇ ਹਨ ਉਹ ਵੀ ਜਲਦ ਜਨਤਕ ਕੀਤੇ ਜਾਣੇ। ਕਿਸਾਨ ਆਗੂਆਂ ਨੇ ਕਿਹਾ ਕਿ ਪਿਛਲੇ ਝੋਨੇ ਦੇ ਸੀਜ਼ਨ ਵਿਚ ਵੀ ਇਸ ਵਿਧਾਇਕ ਵੱਲੋਂ ਢੋਆ—ਢੋਆਈ ਦੇ ਟੈਂਡਰ ਵਿਚ ਭਾਰੀ ਰਕਮ ਮੰਗੀ ਗਈ ਸੀ ਜਿਸ ਤੋਂ ਬਾਅਦ ਕਿਸਾਨਾਂ, ਆੜ੍ਹਤੀਆਂ ਅਤੇ ਟਰੱਕ ਅਪਰੇਟਰਾਂ ਵੱਲੋਂ ਧਰਨਾ ਦੇਣ ਤੋਂ ਬਾਅਦ ਹੀ ਵਿਧਾਇਕ ਇਸ ਮਾਮਲੇ ਚੋਂ ਪਿੱਛੇ ਹਟਿਆ ਸੀ। ਰੋਹ ਵਿਚ ਆਉਂਦਿਆਂ ਕਿਸਾਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਇਹ ਮੰਗ ਕੀਤੀ ਕਿ ਇਸ ਵਿਧਾਇਕ ਦੀ ਜਾਇਦਾਦ ਚੈੱਕ ਕੀਤੀ ਜਾਵੇ ਕਿ ਇਸ ਕੋਲ ਐਨਾ ਪੈਸਾ ਕਿੱਥੋਂ ਆਇਆ ਹੈ, ਉਨ੍ਹਾਂ ਕਿਹਾ ਕਿ ਸਾਡੀ ਯੂਨੀਅਨ ਵੱਲੋਂ ਈ.ਡੀ ਅਤੇ ਵਿਜਲੈਂਸ ਨੂੰ ਵੀ ਮੰਗ ਪੱਤਰ ਦਿੱਤੇ ਜਾਣਗ। ਕਿਸਾਨ ਯੂਨੀਅਨ ਆਗੂਆਂ ਨੇ ਕਿਹਾ ਕਿ ਪਿੰਡਾਂ ਵਿਚ ਵੋਟਾਂ ਮੰਗਣ ਆਉਣ ਤੇ ਇਨ੍ਹਾਂ ਸਿਆਸੀ ਲੀਡਰਾਂ ਦਾ ਵਿਰੋਧ ਕੀਤਾ ਜਾਏਗਾ ਅਤੇ ਸਵਾਲ—ਜਵਾਬ ਕੀਤੇ ਜਾਣਗੇ।

ਦੂਜੇ ਪਾਸੇ ਵਿਧਾਇਕ ਰਜਨੀਸ਼ ਦਹੀਆ ਨੇ ਕਿਸਾਨਾਂ ਵੱਲੋਂ ਆਪਣੇ ਉਪਰ ਲੱਗੇ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਸਭ ਕੁਝ ਕਨੂੰਨ ਮੁਤਾਬਿਕ ਹੀ ਹੋ ਰਿਹਾ ਹੈ ਕਿਸੇ ਨਾਲ ਕੋਈ ਧੱਕਾ ਨਹੀਂ ਕੀਤਾ ਜਾ ਰਿਹਾ।

# ਮਹਾਂਵੀਰ ਜਯੰਤੀ ਤੇ ਸਕੂਲਾਂ ਵਿਚ ਹੋਣਗੀਆਂ ਵਿਸ਼ੇਸ਼ ਬੈਠਕਾਂ—ਪੀ. ਸੀ. ਕੁਮਾਰ



ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਮਹਾਂਵੀਰ ਜਯੰਤੀ ਵੱਖ—ਵੱਖ ਸਕੂਲਾਂ ਵਿਚ ਸਦਭਾਵਨਾ, ਪਿਆਰ, ਅਹਿੰਸਾ ਹੀ ਪ੍ਰੇਮ ਧਰਮ ਹੈ, ਦੇ ਤੌਰ ਤੇ ਮਨਾਈ ਗਈ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓਜ਼ ਕੋਆਰਡੀਨੇਸ਼ਨ ਕਮੇਟੀ ਤੇ ਸਦਾਵਰਤ ਪੰਚਾਇਤੀ ਸੰਸਥਾ ਦੇ ਮੁੱਖ ਕਾਰਜਕਰਤਾ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜਨ ਸਮਾਜ ਸੁਧਾਰਕ ਦੇ ਨਾਲ—ਨਾਲ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ ਨੂੰ ਅਹਿੰਸਾ ਇਜ ਪ੍ਰਮੋ ਧਰਮ, ਪਿਆਰ ਨੂੰ ਆਪਣੇ ਜੀਵਨ ਦਾ ਅਨਿਖੜਵਾ ਅੰਗ ਬਣਾ ਦੇਸ਼ ਵਿਚ ਹੀ ਦੁਨੀਆਂ ਵਿਚ ਜ਼ੋ ਲੜਾਈ ਝਗੜੇ ਦੇ ਬਾਦਲ ਮਡਰਾ ਰਹੇ ਹਨ, ਹਰ ਪਾਸੇ ਅਰਾਜਕਤਾ ਦਾ ਮਾਹੌਲ ਤੇ ਇਕ—ਦੂਜੇ ਨੂੰ ਨੀਚਾ ਦਿਖਾਉਣ, ਆਪਣੀ—ਆਪਣੀ ਹੋਸ਼ੋ ਨੂੰ ਬੜਾਵਾ ਦੇਣ ਜਾਤੀ ਹਿੱਤਾਂ ਨੂੰ ਮੁੱਖ ਰੱਖ ਪਹਿਲੀਆਂ ਦੋ ਵਿਸ਼ਵ ਜੰਗਾਂ ਜ਼ੋ ਅੱਜ ਯੁੱਗ ਨੂੰ ਜੋ ਮਾਰੂ ਹਥਿਆਰ ਸਰਵਨਾਸ਼ ਕਰ ਸਕਦੇ ਹਨ, ਜੈਨ ਧਰਮ ਹੀ ਇਕ ਅਜਿਹਾ ਧਰਮ ਹੈ ਜ਼ੋ ਕਹਿਣੀ ਕਰਨੀ ਕਥਣੀ ਨੂੰ ਇਕ ਕਰਯੁੱਗੋ ਤੋਂ ਇਸ ਦਾ ਪ੍ਰਚਾਰ ਕਰ ਇਸ ਦੇ ਆਖਰੀ ਚੌਵੀ ਤਿਰਥੰਕਰ ਮਹਾਂਵੀਰ ਜੀ ਦਾ ਜਨਮ ਜ਼ੋਮਾਂ ਬੱਧ ਦੀ ਇਛਾ ਅਨੁਸਾਰ ਅਵਤਾਰ ਬਚੇ ਦੇ ਰੂਪ ਵਿਚ ਪ੍ਰਗਟ ਹੋ ਉਹ ਸ਼ਾਂਤੀ ਪਿਆਰ, ਅਹਿੰਸਾ ਨੂੰ ਪ੍ਰਮ ਪਰਮ ਦੇ ਰੂਪ ਵਿਚ ਸੰਸਾਰ ਵਿਚ ਅਮਲੀ ਰੂਪ ਵਿਚ ਖੁਦ ਅਪਨਾਣਿਆਂ ਤੇ ਦੁਨੀਆਂ ਸਾਰਾ ਸੰਸਾਰ ਆਪਣੇ ਘਰ ਸਮਝ ਨਹੀਂ ਬਲਕਿ ਹੈ ਦੇ ਤੌਰ ਧਰਤੀ ਤੇ ਜਿੰਨੇ ਵੀ ਦੇਵੀ ਦੇਵਤੇ ਆਏ ਉਨ੍ਹਾਂ ਵੱਲੋਂ ਇਸ ਦੀ ਤੌਹੀਦ ਗੁਰੂ ਨਾਨਕ ਦੇਵ ਜੀ ਦੀ ਜਯੰਤੀ ਨਾਨਕ ਨਾਮ ਚੜ੍ਹਦੀ ਕਲਾਂ ਤੇਰੇ ਭਾਨੇ ਸਰਬੱਤ ਦਾ ਭਲਾ ਦਾ ਸੰਦੇਸ਼ ਦੇ ਬਾਬਰ ਵਰਗੇ ਜਾਲਮ ਔਰੰਗਜੇਬ ਵਰਗੇ ਅੱਤਵਾਦੀਆਂ ਨੂੰ ਗੁਰੂਆਂ ਸ਼ਹੀਦੀਆਂ ਦੇ ਅਹਿੰਸਾ ਸ਼ਾਂਤੀ ਪਿਆਰ ਇਕਸੁਰਤਾ ਦਾ ਸੰਦੇਸ਼ ਦਿੱਤਾ, ਜਿਸ ਦੀ ਅੱਜ ਪਹਿਲਾਂ ਨਾਲੋਂ ਵੀ ਜਿਆਦਾ ਲੋੜ ਤੇ ਮੰਗ ਹੈ। ਆਖਰ ਸਭ ਵੱਲੋਂ ਅਮਲੀ ਰੂਪ ਦੇਣ ਦਾ ਪ੍ਰਣ ਲਿਆ ਤੇ ਧੰਨਵਾਦ ਕੀਤਾ।

# ਇਟਲੀ 'ਚ ਅੰਮ੍ਰਿਤਧਾਰੀ ਸਿੱਖ 'ਤੇ ਕਿਰਪਾਨ ਪਹਿਨਣ ਕਰਕੇ ਪਰਚਾ ਦਰਜ ਕਰਨਾ ਸਿੱਖਾਂ ਦੀ ਧਾਰਮਿਕ ਅਜ਼ਾਦੀ ਦੇ ਵਿਰੁੱਧ: ਐਡਵੋਕੇਟ ਧਾਮੀ




**ਨਵੀਂ ਦਿੱਲੀ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਟਲੀ ਦੇ ਮਿਲਾਨ ਸ਼ਹਿਰ ਵਿਖੇ ਇੱਕ ਅੰਮ੍ਰਿਤਧਾਰੀ ਸਿੱਖ ਸ. ਗੁਰਬਚਨ ਸਿੰਘ ਵਿਰੁੱਧ ਕਿਰਪਾਨ ਪਹਿਨਣ ਕਰਕੇ ਦਰਜ ਕੀਤੇ ਪਰਚੇ ਦੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕਿਰਪਾਨ ਸਿੱਖਾਂ ਦੇ ਪੰਜ ਕਕਾਰਾਂ ਵਿੱਚੋਂ ਇੱਕ ਕਕਾਰ ਹੈ, ਜਿਸ ਨੂੰ ਸਿੱਖ ਰਹਿਤ ਮਰਯਾਦਾ ਅਨੁਸਾਰ ਇੱਕ ਅੰਮ੍ਰਿਤਧਾਰੀ ਸਿੱਖ ਹਮੇਸ਼ਾ ਆਪਣੇ ਸ਼ਰੀਰ ਦੇ ਅੰਗ-ਸੰਗ ਰੱਖਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਧਾਰੀ ਸਿੱਖ ਦੇ ਸ਼ਰੀਰ ਤੋਂ ਕਿਰਪਾਨ ਨੂੰ ਵੱਖ ਕਰਨਾ ਸਿੱਖਾਂ ਦੀ ਧਾਰਮਿਕ ਅਜ਼ਾਦੀ ਦੇ ਵਿਰੁੱਧ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਨੂੰ ਉਨ੍ਹਾਂ ਦੇ ਦੇਸ਼ ਭਾਰਤ ਦਾ ਸੰਵਿਧਾਨ ਵੀ ਕਿਰਪਾਨ ਪਹਿਨਣ ਦੀ ਅਜ਼ਾਦੀ ਦਿੰਦਾ ਹੈ, ਇਸ ਕਰਕੇ ਇਟਲੀ ਦੀ ਸਰਕਾਰ ਨੂੰ ਵੀ ਸਿੱਖ ਸਰੋਕਾਰਾਂ ਨੂੰ ਸਮਝਦੇ ਹੋਏ, ਸਿੱਖਾਂ ਨੂੰ ਆਪਣੇ ਦੇਸ਼ ਅੰਦਰ ਕਿਰਪਾਨ ਪਹਿਨਣ ਦੀ ਖੁੱਲ੍ਹ ਦੇਣੀ ਚਾਹੀਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਸਿੱਖ ਦੁਨੀਆ ਦੇ ਕਈ ਦੇਸ਼ਾਂ ਵਿੱਚ ਵੱਸਦੇ ਹਨ ਜਿੱਥੇ ਉਨ੍ਹਾਂ ਨੇ ਆਪਣੇ ਮਿਹਨਤ ਅਤੇ ਇਮਾਨਦਾਰੀ ਨਾਲ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਅਮਰੀਕਾ, ਕੈਨੇਡਾ ਤੇ ਬਰਤਾਨੀਆ ਵਰਗੇ ਵਿਕਸਿਤ ਦੇਸ਼ਾਂ ਵਿੱਚ ਵੀ ਸਿੱਖਾਂ ਨੂੰ ਕਿਰਪਾਨ ਪਹਿਨਣ ਦੀ ਖੁੱਲ੍ਹ ਹੈ। ਐਡਵੋਕੇਟ ਧਾਮੀ ਨੇ ਇਟਲੀ ਦੀ ਸਿੱਖ ਸੰਗਤ ਨੂੰ ਵੀ ਅਪੀਲ ਕੀਤੀ ਕਿ ਸ. ਗੁਰਬਚਨ ਸਿੰਘ ਦੇ ਵਿਰੁੱਧ ਦਰਜ ਕੀਤੇ ਗਏ ਕੇਸ ਦਾ ਡਟ ਕੇ ਵਿਰੋਧ ਕਰਨ ਅਤੇ ਇਸ ਦੀ ਸਮੁੱਚੀ ਜਾਣਕਾਰੀ ਸ਼੍ਰੋਮਣੀ ਕਮੇਟੀ ਪਾਸ ਵੀ ਪੁੱਜਦੀ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਨੂੰ ਰੱਦ ਕਰਵਾਉਣ ਲਈ ਭਾਰਤ ਅੰਦਰ ਇਟਲੀ ਦੇ ਅੰਬੈਸਡਰ ਅਤੇ ਭਾਰਤ ਦੇ ਵਿਦੇਸ਼ ਮੰਤਰਾਲੇ ਨੂੰ ਵੀ ਪੱਤਰ ਲਿਖ ਕੇ ਸਖ਼ਤ ਇਤਰਾਜ਼ ਪ੍ਰਗਟ ਕਰਨ ਦੇ ਨਾਲ-ਨਾਲ ਸਿੱਖਾਂ ਦੇ ਅਧਿਕਾਰਾਂ ਅਤੇ ਕਿਰਪਾਨ ਦੀ ਮਹੱਤਤਾ ਬਾਰੇ ਜਾਣਕਾਰੀ ਭੇਜੀ ਜਾਵੇਗੀ। ਉਨ੍ਹਾਂ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ ਜੈਸ਼ੰਕਰ ਨੂੰ ਵੀ ਅਪੀਲ ਕੀਤੀ ਕਿ ਸ. ਗੁਰਬਚਨ ਸਿੰਘ ਦੇ ਮਾਮਲੇ ਵਿੱਚ ਇਟਲੀ ਦੀ ਸਰਕਾਰ ਨਾਲ ਗੱਲਬਾਤ ਕਰਕੇ ਉਨ੍ਹਾਂ ਵਿਰੁੱਧ ਦਰਜ ਕੀਤਾ ਗਿਆ ਪਰਚਾ ਰੱਦ ਕਰਵਾਉਣ।




## ਜਨਮ ਦਿਨ ਮੁਬਾਰਕ





ਗੁਰਦੀਪਜੋਤ ਸਿੰਘ ਦੇ ਜਨਮਦਿਨ ਦੀਆਂ ਮਾਤਾ ਪਿਤਾ ਅਤੇ ਸਮੂਹ ਰਿਸ਼ਤੇਦਾਰਾਂ ਨੂੰ ਵਧਾਈਆਂ

ਆਵਾਜ਼ਿ ਕੌਮ AWAZE QAUM International Newspaper & WEB TV






# ਕਥਾ ਵਿਚਾਰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ

## ਮਿਤੀ 22-23 ਅਪ੍ਰੈਲ ਦਿਨ ਸੋਮਵਾਰ ਤੇ ਮੰਗਲਵਾਰ

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ**

ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਸਿੱਧਾ ਪ੍ਰਸਾਰਨ : CHARDIKLA TIME TV 'ਤੇ

ਸਮਾਂ : ਸਵੇਰੇ 7.30 ਤੋਂ 8.30 ਤੱਕ

**ਸੰਪਰਕ : 98140-13915**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਰਟੀਟ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ ਗੁਰਦੁਆਰਾ ਪ੍ਰਬੰਧ ਵੱਲੋ ਆਈਆ ਸੰਗਤਾ ਦਾ ਧੰਨਵਾਦ ਕੀਤਾ ਗਿਆ



ਆਵਾਜ਼ਿ ਕੌਮ AWAZE QAUM International Newspaper & WEB TV









(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਰਟੀਟ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ ਗੁਰਦੁਆਰਾ ਪ੍ਰਬੰਧ ਵੱਲੋ ਆਈਆ ਸੰਗਤਾ ਦਾ ਧੰਨਵਾਦ ਕੀਤਾ ਗਿਆ








ਆਵਾਜ਼ਿ ਕੌਮ AWAZE QAUM International Newspaper & WEB TV







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ ਗੁਰਦੁਆਰਾ ਪ੍ਰਬੰਧ ਵੱਲੋ ਆਈਆ ਸੰਗਤਾ ਦਾ ਧੰਨਵਾਦ ਕੀਤਾ ਗਿਆ





















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਰਟੀਟ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ ਗੁਰਦੁਆਰਾ ਪ੍ਰਬੰਧ ਵੱਲੋ ਆਈਆ ਸੰਗਤਾ ਦਾ ਧੰਨਵਾਦ ਕੀਤਾ ਗਿਆ












ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਨਾਨਕ ਗੁਰਦੁਆਰਾ ਪ੍ਰਿਸਟਨ ਵਿਖੇ

# ਖਾਲਸਾ ਸਾਜਨਾ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ

## ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਭਾਈ ਭਾਗ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ
















ਗੁਰਦੁਆਰਾ ਗੁਰੂ ਨਾਨਕ ਗੁਰਦੁਆਰਾ ਪ੍ਰਿਸਟਨ ਵਿਖੇ ਖਾਲਸਾ ਸਾਜਨਾ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਕੀਰਤਨੀਏ ਗਿਆਨੀ ਇੰਦਰਜੀਤ ਸਿੰਘ ਜੀ ਬੰਬੇ ਵਾਲਿਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਭਾਈ ਮਲਕੀਤ ਸਿੰਘ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਢਾਡੀ ਪ੍ਰਸੰਗ ਦੁਆਰਾ ਨਿਹਾਲ ਕੀਤਾ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਭਾਈ ਭਾਗ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਜਿਹੜੇ ਇਲਾਕੇ ਤੋਂ ਆਸੇ ਪਾਸੇ ਤੋਂ ਸੰਗਤਾਂ ਪਹੁੰਚੀਆਂ ਸਨ ਉਹਨਾਂ ਦਾ ਧੰਨਵਾਦ ਕੀਤਾ ਅਤੇ ਭਾਈ ਰਘਵੀਰ ਸਿੰਘ ਆਵਾਜਿ ਕੌਮ ਵਾਲਿਆਂ ਨੂੰ ਵੀ ਸਮਾਂ ਦਿੱਤਾ ਗਿਆ ਜਿਨਾਂ ਨੇ ਖਾਲਸਾ ਸਾਜਨਾ ਦੇ ਸੰਬੰਧ ਦੇ ਵਿੱਚ ਅਤੇ ਕੌਮੀ ਕਾਰਜਾਂ ਦੇ ਚਾਨਣਾ ਪਾਇਆ ਭਾਈ ਭਾਗ ਸਿੰਘ ਹੋਣਾਂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਦਾਨ ਕੀਤੀ 30 ਕਿਲੇ ਜ਼ਮੀਨ 'ਚ ਸਕੂਲ ਬਣਾਉਣ ਦੀ ਥਾਂ ਪ੍ਰਬੰਧਕਾਂ ਨੇ ਕੀਤਾ ਘਪਲਾ !




**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਰੂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਇੱਕ ਵਿਅਕਤੀ ਵੱਲੋਂ ਆਪਣੀ ਸਾਰੀ ਜਾਇਦਾਦ ਦਾਨ ਕਰ ਦਿੱਤੀ ਗਈ ਸੀ। ਜਿਸ ਵਿੱਚ ਉਹਨਾਂ ਵੱਲੋਂ 30 ਕਿਲੇ ਦੇ ਕਰੀਬ ਜ਼ਮੀਨ ਸਕੂਲ ਦੇ ਨਾਮ ਲਗਾ ਦਿੱਤੀ ਗਈ ਤਾਂ ਜੋ ਪੰਜਾਬ ਦੇ ਲੋਕਾਂ ਦਾ ਭਲਾ ਹੋ ਸਕੇ। ਲੇਕਿਨ ਸਕੂਲ ਦੀ ਪ੍ਰਬੰਧਕ ਟੀਮ ਵੱਲੋਂ ਹੀ ਇਸ ਜਗ੍ਹਾ ਨੂੰ ਆਪਣੇ ਲੈਟਰ ਹੈਡ 'ਤੇ ਵੇਚ ਕੇ ਮੋਟੇ ਘਪਲੇ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਤੋਂ ਬਾਅਦ ਇੱਕ ਸਮਾਜ ਸੇਵੀ ਵੱਲੋਂ ਇਸ ਦੀ ਆਵਾਜ਼ ਚੁੱਕੀ ਗਈ ਅਤੇ ਉਸ ਵੱਲੋਂ ਸਕੂਲ ਪ੍ਰਸ਼ਾਸਨ 'ਤੇ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਨਾ ਤਾਂ ਸਕੂਲ ਪ੍ਰਸ਼ਾਸਨ ਇਸ ਨੂੰ ਵੇਚ ਸਕਦਾ ਹੈ ਅਤੇ ਨਾ ਹੀ ਇਸ ਨੂੰ ਕਿਸੇ ਹੋਰ ਨੂੰ ਦੇ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਸ ਵੱਲੋਂ ਅਦਾਲਤੀ ਕੇਸ ਵੀ ਕੀਤਾ ਹੋਇਆ ਹੈ ਅਤੇ ਇਹਨਾਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਦਸਤਾਵੇਜ ਅਦਾਲਤ ਜਾਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਅੱਗੇ ਪੇਸ਼ ਨਹੀਂ ਕੀਤਾ ਗਿਆ। ਜਿਸ ਨੂੰ ਲੈ ਕੇ ਕੁਝ ਹੀ ਦਿਨਾਂ ਦੇ ਵਿੱਚ ਇਹਨਾਂ ਦੇ ਪ੍ਰਬੰਧਕ ਟੀਮ ਦੇ ਉੱਤੇ ਮਾਮਲਾ ਵੀ ਦਰਜ ਕੀਤਾ ਜਾਵੇਗਾ। ਉਨ੍ਹਾਂ ਅੱਗੇ ਬੋਲਦੇ ਹੋਏ ਦੱਸਿਆ ਕਿ ਇਹਨਾਂ ਵੱਲੋਂ 30 ਕਿਲੇ ਦੇ ਕਰੀਬ ਜਗ੍ਹਾ ਵਿੱਚੋਂ ਅੱਧੇ ਦੇ ਕਰੀਬ ਜ਼ਮੀਨ ਵੇਚ ਦਿੱਤੀ ਗਈ ਹੈ ਅਤੇ ਆਪਣੀਆਂ ਵੱਡੀਆਂ ਕੋਠੀਆਂ ਪਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਜੇਕਰ ਇਸ ਨੂੰ ਨਹੀਂ ਰੋਕਿਆ ਗਿਆ ਤਾਂ ਸ਼ਾਇਦ ਇਹ ਦਾਨ ਕੀਤੀ ਗਈ ਸਾਰੀ ਹੀ ਜ਼ਮੀਨ ਵੇਚ ਕੇ ਖਾ ਜਾਣਗੇ।

ਦੂਸਰੇ ਪਾਸੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਮੌਕੇ 'ਤੇ ਪਹੁੰਚ ਕੇ ਸਾਰੀ ਜਗ੍ਹਾ ਦਾ ਜਾਇਜ਼ਾ ਲਿਆ ਗਿਆ ਅਤੇ ਜਾਇਜ਼ਾ ਲੈਣ ਤੋਂ ਬਾਅਦ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਕਿ ਜਿਨਾਂ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਦਾਨ ਕੀਤੀ ਜ਼ਮੀਨ ਵੇਚੀ ਗਈ ਹੈ, ਉਹਨਾਂ ਦੇ ਉੱਪਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਇਸ ਬਾਬਤ ਉਹ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਵੀ ਇੱਕ ਵਾਰ ਫਿਰ ਤੋਂ ਦੁਬਾਰਾ ਮਿਲਣਗੇ ਅਤੇ ਪ੍ਰਸ਼ਾਸਨ ਦੇ ਅੱਗੇ ਇਸ ਸਾਰੇ ਮੁੱਦੇ ਨੂੰ ਚੁੱਕਣਗੇ। ਉਹਨਾਂ ਅੱਗੇ ਬੋਲਦੇ ਹੋਏ ਕਿਹਾ ਕਿ ਇਹਨਾਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਦਸਤਾਵੇਜ਼ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਅੱਗੇ ਨਹੀਂ ਦਿੱਤਾ ਜਾ ਰਿਹਾ। ਉਹਨਾਂ ਕਿਹਾ ਕਿ ਜੇਕਰ ਸਾਡੇ ਗੁਰੂ ਸਾਹਿਬਾਨ ਦੀ ਜ਼ਮੀਨ ਨੂੰ ਕੋਈ ਵੀ ਵਿਅਕਤੀ ਵੇਚਦਾ ਹੋਇਆ ਪਾਇਆ ਗਿਆ ਤਾਂ ਅਸੀਂ ਉਸ ਖਿਲਾਫ ਸਖ਼ਤ ਤੋਂ ਸਖ਼ਤ ਐਕਸ਼ਨ ਵੀ ਕਰਾਂਗੇ ਅਤੇ ਹੋ ਸਕਿਆ ਤਾਂ ਪ੍ਰਸ਼ਾਸਨ ਦੇ ਵਿਹੜੇ 'ਚ ਬੈਠ ਉਹਨਾਂ ਦੇ ਖਿਲਾਫ ਪ੍ਰਦਰਸ਼ਨ ਵੀ ਕੀਤਾ ਜਾਵੇਗਾ।

ਸਕੂਲ ਪ੍ਰਸ਼ਾਸਨ ਅਤੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਹਨਾਂ ਵੱਲੋਂ ਇਸ ਜ਼ਮੀਨ ਨੂੰ ਵੇਚਿਆ ਨਹੀਂ ਗਿਆ, ਸਗੋਂ ਇੱਥੇ ਵੱਡੇ ਸਕੂਲ ਬਣਾਏ ਗਏ ਹਨ। ਉਹਨਾਂ ਅੱਗੇ ਬੋਲਦੇ ਹੋਏ ਕਿਹਾ ਕਿ ਜੋ ਜ਼ਮੀਨ ਵੇਚੀ ਗਈ ਹੈ, ਉਸ ਜ਼ਮੀਨ ਦੇ ਵੇਚਣ ਤੋਂ ਬਾਅਦ ਉਹਨਾਂ ਵੱਲੋਂ ਹੋਰ ਜਗ੍ਹਾ 'ਤੇ ਜ਼ਮੀਨ ਲੈ ਕੇ ਸਕੂਲ ਬਣਾਏ ਜਾ ਰਹੇ ਹਨ।

## ਭਾਜਪਾ ਉਮੀਦਵਾਰ ਤਰਨਜੀਤ ਸੰਧੂ ਨੇ ਭਗਵਾਨ ਵਾਲਮੀਕ ਤੀਰਥ ਵਿਖੇ ਮੱਥਾ ਟੇਕਿਆ

# ਲੋਕਾਂ ਨੂੰ ਭਗਵਾਨ ਵਾਲਮੀਕੀ ਮਹਾਰਾਜ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ



**ਅੰਮ੍ਰਿਤਸਰ 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਭਗਵਾਨ ਵਾਲਮੀਕ ਤੀਰਥ ( ਰਾਮ ਤੀਰਥ) ਵਿਖੇ ਮੱਥਾ ਟੇਕਿਆ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਅਤੇ ਅੰਮ੍ਰਿਤਸਰ ਦੀ ਤਰੱਕੀ ਤੇ ਪੰਜਾਬੀਆਂ ਦੀ ਖ਼ੁਸ਼ਹਾਲੀ ਦੀ ਕਾਮਨਾ ਤੇ ਅਰਦਾਸ ਕੀਤੀ। ਇਸ ਮੌਕੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਸੰਤ ਗਿਆਨ ਨਾਥ ਅਤੇ ਸੰਤ ਗਿਰਧਾਰੀ ਨਾਥ ਤੋਂ ਅਸ਼ੀਰਵਾਦ ਲਿਆ। ਸੰਤਾਂ ਮਹਾਂਪੁਰਸ਼ਾਂ ਨੇ ਸਰਦਾਰ ਸੰਧੂ ਨੂੰ ਸਨਮਾਨਿਤ ਕੀਤਾ ।ਇਸ ਮੌਕੇ ਵਾਲਮੀਕ ਆਗੂਆਂ ਨੇ ਤਰਨਜੀਤ ਸਿੰਘ ਸੰਧੂ ਦੀ ਜਿੱਤ ਦੀ ਕਾਮਨਾ ਕੀਤੀ। ਇਸ ਮੌਕੇ ਉਹਨਾਂ ਨਾਲ ਰਾਜਕੁਮਾਰ ਅਟਵਾਲ, ਹਰਵਿੰਦਰ ਸਿੰਘ ਸੰਧੂ, ਰਕੇਸ਼ ਗਿੱਲ, ਓਮ ਪ੍ਰਕਾਸ਼ ਅਨਾਰੀਆ, ਸ਼ਸ਼ੀ ਗਿੱਲ, ਸੰਜੀਵ ਕੁਮਾਰ, ਲਵਿੰਦਰ ਬੰਟੀ, ਮਨਜੀਤ ਮਿੰਟਾ, ਗੌਰਵ ਗਿੱਲ, ਕਮਲ ਨਾਹਰ ਗੋਲਡੀ, ਸੰਜੀਵ ਅਟਵਾਲ, ਡਾਕਟਰ ਜਤਿੰਦਰ, ਸਨੀ ਮੱਟੂ ਵੀ ਮੌਜੂਦ ਸਨ । ਇਸ ਮੌਕੇ ਸੰਗਤ ਨੇ ਤਰਨਜੀਤ ਸਿੰਘ ਸੰਧੂ ਦੇ ਸਤਿਸੰਗ ਹਾਲ ਵਿਚ ਪਹੁੰਚਣ 'ਤੇ ਜ਼ੋਰਦਾਰ ਸਵਾਗਤ ਕੀਤਾ। ਸੰਧੂ ਨੇ ਭਗਵਾਨ ਵਾਲਮੀਕਿ ਤੀਰਥ ਦੇ ਹੋਰ ਸੁੰਦਰੀਕਰਨ ਕਰਨ ਦਾ ਵਾਅਦਾ ਕੀਤਾ । ਉਨ੍ਹਾਂ ਲੋਕਾਂ ਨੂੰ ਭਗਵਾਨ ਵਾਲਮੀਕੀ ਮਹਾਰਾਜ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਯੁੱਧਿਆ ਵਿਚ ਰਾਮ ਮੰਦਰ ਬਣਾਉਣ ਨਾਲ ਰਾਮ ਮੰਦਰ ਬਣਾਉਣ ਦਾ 500 ਸਾਲ ਪੁਰਾਣਾ ਸੰਕਲਪ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਵਿਸ਼ਵਾਸ ਦੀਆਂ ਪ੍ਰਾਚੀਨ ਵਿਰਾਸਤਾਂ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੀ ਕਾਸ਼ੀ ਵਿਸ਼ਵਾਨਾਥ ਮੰਦਰ, ਸ੍ਰੀ ਉਜੈਨ ਮਹਾਂਕਾਲ ਮੰਦਰ ਅਤੇ ਸ੍ਰੀ ਕੇਦਾਰਨਾਥ ਮੰਦਰ ਦਾ ਨਵੀਨੀਕਰਨ ਕੀਤਾ ਗਿਆ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਧਾਰਮਿਕ ਅਸਥਾਨ ਸਾਡੀ ਸ਼ਰਧਾ ਦਾ ਕੇਂਦਰ ਅਤੇ ਅਧਿਆਤਮਕ ਸ਼ਕਤੀ ਦਾ ਸੋਮਾ ਹਨ। ਇਹ ਸਾਨੂੰ ਸਾਡੀ ਸੰਸਕ੍ਰਿਤੀ ਤੇ ਮਹਾਂ ਸ਼ਕਤੀ ਨਾਲ ਜੋੜੀ ਰੱਖਣ ਤੋਂ ਇਲਾਵਾ ਸਮੂਹ ਭਾਈਚਾਰਿਆਂ ਲਈ ਸ਼ਾਂਤੀ ਤੇ ਏਕਤਾ ਬਣਾਈ ਰੱਖਣ ਦੀ ਪ੍ਰੇਰਣਾ ਦਿੰਦਾ ਹੈ। ਹਰ ਵਾਰ ਪਰਮ, ਸਰਵਉੱਚ ਸੱਤਾ ਨੂੰ ਨਿਮਨ ਕਰਕੇ ਅਪਾਰ ਸ਼ਕਤੀ ਤੇ ਸੰਤੁਸ਼ਟੀ ਪ੍ਰਾਪਤ ਹੁੰਦੀ ਹੈ। ਸਾਡੀਆਂ ਪਰੰਪਰਾਵਾਂ ਸਾਨੂੰ ਨਕਾਰਾਤਮਿਕ ਰੁਝਾਨਾਂ ਨੂੰ ਤਿਆਗ ਕੇ ਸਮਾਜ ਨੂੰ ਹੋਰ ਬਿਹਤਰ ਬਣਾਉਣ ਲਈ ਕੰਮ ਕਰਨ 'ਤੇ ਜ਼ੋਰ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਭਾਰਤੀ ਵਿਦੇਸ਼ ਸ਼ੇਵਾ ਦੇ ਦੌਰਾਨ ਉਨ੍ਹਾਂ ਦਾ ਮਨ ਹਮੇਸ਼ਾਂ ਅੰਮ੍ਰਿਤਸਰ ਵਿਚ ਹੀ ਰਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਨੇ ਲੋਕ ਸੇਵਾ, ਪੰਥ ਅਤੇ ਦੇਸ਼ ਨੂੰ ਆਪਣੀ ਪੂਰੀ ਜ਼ਿੰਦਗੀ ਸਮਰਪਿਤ ਕਰਦਿਆਂ 17 ਜੁਲਾਈ 1926 ਨੂੰ ਲਾਹੌਰ ਦੀ ਸੈਂਟਰਲ ਜੇਲ੍ਹ ਵਿੱਚ ਸ਼ਹਾਦਤ ਪ੍ਰਾਪਤ ਕੀਤੀ। ਮੇਰੇ ਮਾਤਾ ਪਿਤਾ ਵੀ ਸਿੱਖਿਆ ਦੇ ਖੇਤਰ 'ਚ ਯੋਗਦਾਨ ਪਾਉਂਦਿਆਂ ਅੰਮ੍ਰਿਤਸਰ ਨਾਲ ਸ਼ੁਰੂ ਤੋਂ ਜੁੜੇ ਰਹੇ। ਹੁਣ ਮੇਰੀ ਵਾਰੀ ਹੈ ਕਿ ਮੈਂ ਅੰਮ੍ਰਿਤਸਰ ਦੇ ਵਿਕਾਸ ਲਈ ਉਹ ਕੁਝ ਕਰਾਂ ਜੋ ਮੈਂ ਭਾਰਤੀ ਵਿਦੇਸ਼ ਸ਼ੇਵਾ ਦੌਰਾਨ ਸੋਚਿਆ ਸੀ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਨੌਜਵਾਨਾਂ 'ਚ ਸਮਰੱਥਾ ਦੀ ਕੋਈ ਕਮੀ ਨਹੀਂ ਹੈ। ਕੇਵਲ ਉਨ੍ਹਾਂ ਨੂੰ ਸਹੀ ਅਗਵਾਈ ਅਤੇ ਮਾਰਗ ਦਰਸ਼ਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਅਨੇਕਾਂ ਵਿਦੇਸ਼ਾਂ ਕੰਪਨੀਆਂ ਅੰਮ੍ਰਿਤਸਰ ਵਿਚ ਪੂੰਜੀ ਨਿਵੇਸ਼ ਲਈ ਤਿਆਰ ਹਨ ।ਜਿਸ ਦੁਆਰਾ ਬੇਰੁਜ਼ਗਾਰ ਨੌਜਵਾਨਾਂ ਨੂੰ ਟਰੇਨਿੰਗ ਦੇ ਕੇ ਉਨ੍ਹਾਂ ਨੂੰ ਰੁਜ਼ਗਾਰ ਅਤੇ ਨੌਕਰੀਆਂ ਦੇ ਕਾਬਲ ਬਣਾਏ ਜਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਘਰ ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਮੋਦੀ ਸਰਕਾਰ ਦੀ ਵਿਚਾਰਧਾਰਾ ਨਾਲ ਲੋਕਾਂ ਨੂੰ ਜੋੜਿਆ ਜਾਵੇਗਾ





**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅੰਮ੍ਰਿਤਸਰ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਜੀ, ਅਟਾਰੀ ਹਲਕੇ ਦੇ ਇੰਚਾਰਜ ਗੁਰਚਰਨ ਸਿੰਘ ਰਾਜਪੂਤ, ਜਨਰਲ ਸੈਕਟਰੀ ਡ. ਸੁਸ਼ੀਲ ਦੇਵਗਨ ਅਤੇ ਮੰਡਲ ਪ੍ਰਧਾਨ ਵਿਜੇ ਵਰਮਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਹੋਈ ਅਤੇ ਪਾਰਟੀ ਵਰਕਰਾਂ ਨੇ ਬੀਬੀਆਂ ਨੇ ਆਪਣੀ ਹਾਜ਼ਰੀ ਲਵਾਈ ਅਤੇ ਚੋਣਾਂ ਵਿੱਚ ਪ੍ਰਚਾਰ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਅਤੇ ਇਹ ਫੈਸਲਾ ਲਿਆ ਕਿ ਘਰ ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਮੋਦੀ ਸਰਕਾਰ ਦੀ ਵਿਚਾਰਧਾਰਾ ਨਾਲ ਲੋਕਾਂ ਨੂੰ ਜੋੜਿਆ ਜਾਵੇਗਾ ਮਾਤਾ ਚਰਨਜੀਤ ਕੌਰ ਦੀ ਆਤਮਿਕ ਸ਼ਾਂਤੀ ਲਈ ਉਹਨਾਂ ਦੇ ਗ੍ਰਹਿ ਵਿਖੇ ਉਸ ਅਕਾਲ ਪੁਰਖ ਦੇ ਚਰਨਾਂ ਚ ਅਰਦਾਸ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ,ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਆਪਣੀ ਅਤੇ ਸਮੁੰਦਰੀ ਸਾਹਿਬ ਦੀ ਹਾਜ਼ਰੀ ਹਾਜ਼ਰੀ ਲਵਾਈ, ਮੇਰੇ ਨਾਲ ਵਿਸ਼ੇਸ਼ ਤੌਰ ਤੇ ਜਨਰਲ ਸਕੱਤਰ ਸੁਸ਼ੀਲ ਦੇਵਗਨ ਅਤੇ ਹਲਕਾ ਅਟਾਰੀ ਦੇ ਮੰਡਲ ਪ੍ਰਧਾਨ ਵਿਜੇ ਵਰਮਾ ਜੀ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰੂਰ ਲੋਕ ਸਭਾ ਹਲਕੇ ਤੋਂ ਅਰਵਿੰਦ ਖੰਨਾ ਨੂੰ ਟਿਕਟ ਦੇ ਕੇ ਨਿਵਾਜਿਆ ਜਾਵੇ: ਕ੍ਰਿਸ਼ਨ ਗੋਪਾਲ ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਅਰਵਿੰਦ ਖੰਨਾ ਨੂੰ ਲੋਕ ਸਭਾ ਹਲਕਾ ਸੰਗਰੂਰ ਤੋਂ ਦੀ ਟਿਕਟ ਦੇਣ ਦੀ ਮੰਗ ਕਰਦਿਆਂ ਭਾਰਤੀ ਜਨਤਾ ਪਾਰਟੀ ਜਿਲ੍ਹਾ ਮੀਤ ਪ੍ਰਧਾਨ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਸ੍ਰੀ ਅਰਵਿੰਦ ਖੰਨਾ ਨੂੰ ਲੋਕ ਸਭਾ ਹਲਕਾ ਸੰਗਰੂਰ ਤੋਂ ਉਮੀਦਵਾਰ ਬਣਾਇਆ ਜਾਵੇ। ਉਹਨਾਂ ਕਿਹਾ ਕਿ ਜਦੋਂ ਪੰਜਾਬ ਦੇ ਕਿਸਾਨ ਦਿੱਲੀ ਦੀਆਂ ਸਰਹੱਦਾਂ ਤੇ ਬੈਠੇ ਸਨ ਉਸ ਵਕਤ ਪਿੰਡਾਂ ਵਿੱਚ ਕੋਈ ਵੀ ਵਿਅਕਤੀ ਭਾਰਤੀ ਜਨਤਾ ਪਾਰਟੀ ਦਾ ਨਾਂ ਲੈਣ ਨੂੰ ਤਿਆਰ ਨਹੀਂ ਸੀ। ਸ੍ਰੀ ਅਰਵਿੰਦ ਖੰਨਾ ਮੋਦੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਕੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਮੁੜ ਕੇਡਰ ਖੜਾ ਕਰਨ ਵਿੱਚ ਜੁਟੇ ਹੋਏ ਸਨ। ਉਹਨਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਪਾਰਟੀ ਨੂੰ ਸੋਚ ਵਿਚਾਰ ਕੇ ਫੈਸਲਾ ਲੈ ਲੈਣਾ ਚਾਹੀਦਾ ਹੈ ਸੰਗਰੂਰ ਲੋਕ ਸਭਾ ਹਲਕੇ ਤੋਂ ਅਰਵਿੰਦ ਖੰਨਾ ਦੋ ਵਾਰ ਵਿਧਾਇਕ ਅਤੇ ਇਕ ਵਾਰ ਲੋਕ ਸਭਾ ਚੋਣ ਵੀ ਲੜ ਚੁੱਕੇ ਹਨ। ਉਹਨਾਂ ਵੱਲੋਂ ਬਣਾਈ ਉਮੀਦ ਫਾਉਂਡੇਸ਼ਨ ਰਾਹੀਂ ਉਹ ਗਰੀਬ ਲੋਕਾਂ ਦੀ ਸੇਵਾ ਕਰ ਰਹੇ ਜਿਸ ਨਾਲ ਉਹਨਾਂ ਦਾ ਪਿੰਡਾਂ ਵਿੱਚ ਵੀ ਬਹੁਤ ਆਧਾਰ ਹੈ। ਉਹ ਇਸ ਵਾਰ ਵੀ ਸੰਗਰੂਰ ਤੋਂ ਜਿੱਤਕੇ ਕੇਂਦਰ ਦੇ ਵਿੱਚ ਬਣਨ ਵਾਲੀ ਤੀਸਰੀ ਵਾਰ ਮੋਦੀ ਦੀ ਸਰਕਾਰ ਵਿੱਚ ਆਪਣਾ ਹੈ ਅਹਿਮ ਯੋਗਦਾਨ ਪਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾ.ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੂੰ ਸਦਮਾ ਮਾਤਾ ਦਾ ਦੇਹਾਂਤ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਦੇ ਮਾਤਾ ਗਫੂਰਾਂ ਬੇਗਮ ਜੀ ਦਾ ਅੱਜ ਸਵੇਰੇ ਇੰਤਕਾਲ ਹੋ ਗਿਆ। ਇਸ ਮੌਕੇ ਦੁੱਖ ਦਾ ਪ੍ਰਗਟਾਵਾ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਮਾਤਾ ਹਰਪਾਲ ਕੌਰ, ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਦਫਤਰ ਇੰਚਾਰਜ ਅੰਮ੍ਰਿਤ ਬਰਾੜ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਿੰਡ ਭਸੌੜ ਵਿਖੇ ਪਹੁੰਚੇ। ਪਰਿਵਾਰ ਦੇ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਕੈਬਨਿਟ ਮੰਤਰੀ ਅਮਨ ਅਰੋੜਾ, ਜਮੀਲ ਉਰ ਰਹਿਮਾਨ ਐਮ,ਐਲ,ਏ ਮਾਲੇਰਕੋਟਲਾ, ਮੁਹੰਮਦ ਓਵੈਸ ਐਮ,ਡੀ ਸਟਾਰ ਇੰਮਪੈਕਟ , ਨਰਿੰਦਰ ਕੌਰ ਭਰਾਜ ਐਮ,ਐਲ,ਏ ਸੰਗਰੂਰ, ਚੇਅਰਮੈਨ ਸਤਿੰਦਰ ਸਿੰਘ ਚੱਠਾ, ਜਿਲ੍ਹਾ ਪ੍ਰਧਾਨ ਗੁਰਮੇਲ ਸਿੰਘ ਆਪ ਆਗੂ ਕਰਮਜੀਤ ਸਿੰਘ ਕਾਂਝਲਾ , ਕਾਮਰੇਡ ਮੇਜਰ ਸਿੰਘ ਪੁੰਨਾਵਾਲ, ਆਪ ਆਗੂ ਰਣਜੋਧ ਸਿੰਘ ਕਾਂਝਲਾ, ਘਰਾਚੋਂ ਆਪ ਆਗੂ ਅਮਰਦੀਪ ਸਿੰਘ ਧਾਂਦਰਾ, ਆਪ ਆਗੂ ਜਸਬੀਰ ਸਿੰਘ ਜੱਸੀ ਸੇਖੋਂ, ਆਪ ਆਗੂ ਗਗਨ ਜਵੰਦਾ, ਆਪ ਆਗੂ ਗੁਰਤੇਜ ਸਿੰਘ ਤੇਜੀ, ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਆਪ ਆਗੂ ਸੁਰਜੀਤ ਸਿੰਘ ਆਪ ਆਗੂ ਤੀਰਥ ਸਿੰਘ ਗਿੱਲ, ਬੰਤ ਸਿੰਘ ਧੂਰੀ ਬੱਸ ਵਾਲੇ ,ਆਪ ਆਗੂ ਗੁਰਮੇਲ ਸਿੰਘ ਘਨੌਰੀ, ਆਪ ਆਗੂ ਕੁਲਵੰਤ ਸਿੰਘ ਘਨੌਰੀ, ਆਪ ਆਗੂ ਜੁਗਰਾਜ ਸਿੰਘ ਘਨੌਰੀ, ਆਪ ਆਗੂ ਰਣਜੀਤ ਸਿੰਘ ਧੰਦੀਵਾਲ, ਆਪ ਆਗੂ ਬੂਟਾ ਸੁਲਤਾਨਪੁਰ, ਆਪ ਆਗੂ ਪੱਪਾ ਰੰਗੀਆਂ ਆਦਿ ਆਗੂਆਂ ਨੇ ਪਰਿਵਾਰ ਦੇ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਜਿਕਰਯੋਗ ਹੈ ਕਿ ਜਨਾਜ਼ਾ 23 ਅਪ੍ਰੈਲ ਦਿਨ ਮੰਗਲਵਾਰ ਸਵੇਰੇ 11 ਵਜੇ ਪਿੰਡ ਭਸੌੜ ਵਿਖੇ ਕਬਰਸਤਾਨ ਵਿਚ ਦਫ਼ਨਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV